ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 21 ਅਗਸਤ 2024 (ਨਾਨਕਸ਼ਾਹੀ ਸੰਮਤ : ੫੫੬, ੬ ਭਾਦਰੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਕਈ ਹਸਪਤਾਲਾਂ ਨੂੰ ਮਿਲੀ ਬੰਬ ਦੀ ਧਮਕੀ



**ਨਵੀਂ ਦਿੱਲੀ, 20 ਅਗਸਤ (ਆਵਾਜ਼ਿ ਕੌਮ ਬਿਊਰੋ)**-ਦਿੱਲੀ ’ਚ ਕਈ ਹਸਪਤਾਲਾਂ ਨੂੰ ਮੰਗਲਵਾਰ ਨੂੰ ਬੰਬ ਦੀ ਧਮਕੀ ਵਾਲੇ ਈ-ਮੇਲ ਮਿਲੇ, ਜਿਸ ਨਾਲ ਅਧਿਕਾਰੀਆ ਨੂੰ ਹਸਪਤਾਲ ਕੰਪਲੈਕਸਾਂ ਦੀ ਤਲਾਸ਼ੀ ਸ਼ੁਰੂ ਕਰਨੀ ਪਈ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ। ਦਿੱਲੀ ਫਾਇਰ ਬ੍ਰਿਗੇਡ ਸੇਵਾ (ਡੀ.ਐੱਫ.ਐੱਸ.) ਦੇ ਇਕ ਅਧਿਕਾਰੀ ਨੇ ਦੱਸਿਆ ਕਿ ਨਾਂਗਲੋਈ ’ਚ ਇਕ ਹਸਪਤਾਲ ਤੋਂ ਦੁਪਹਿਰ 1.04 ਵਜੇ ਅਤੇ ਦਿੱਲੀ ਦੇ ਚਾਨਕੀਆ ਪੁਰੀ ਸਥਿਤ ਪ੍ਰਾਈਮਸ ਹਸਪਤਾਲ ਤੋਂ ਦੁਪਹਿਰ 1.07 ਵਜੇ ਸੂਚਨਾ ਮਿਲੀ ਕਿ ਉਨ੍ਹਾਂ ਨੂੰ ਬੰਬ ਦੀ ਧਮਕੀ ਵਾਲੇ ਈ-ਮੇਲ ਮਿਲੇ ਹਨ। ਉਨ੍ਹਾਂ ਦੱਸਿਆ ਕਿ ਫਾਇਰ ਬ੍ਰਿਗੇਡ ਦੀਆਂ ਗੱਡੀਆਂ, ਬੰਬ ਦਾ ਪਤਾ ਲਗਾਉਣ ਅਤੇ ਉਨ੍ਹਾਂ ਨੂੰ ਨਕਾਰਾ ਕਰਨ ਵਾਲੇ ਦਸਤੇ ਅਤੇ ਪੁਲਸ ਨੂੰ ਮੌਕੇ ’ਤੇ ਭੇਜਿਆ ਗਿਆ ਹੈ। ਕੰਪਲੈਕਸਾਂ ਦੀ ਡੂੰਘੀ ਤਲਾਸ਼ੀ ਲਈ ਜਾ ਰਹੀ ਹੈ। (ਸੰਕੇਤਕ ਫੋਟੋ)

## ਕੰਗਨਾ ਦਾ ਮੁੜ ਪੰਗਾ ਪਿਆ !

# ਐਮ. ਪੀ. ਸਰਬਜੀਤ ਸਿੰਘ ਖਾਲਸਾ ਨੇ ਲਾਏ ਗੰਭੀਰ ਇਲਜ਼ਾਮ



**ਫਰੀਦਕੋਟ, 20 ਅਗਸਤ (ਆਵਾਜ਼ਿ ਕੌਮ ਬਿਊਰੋ)**-ਹਿਮਾਚਲ ਪ੍ਰਦੇਸ਼ ਦੀ ਮੰਡੀ ਸੀਟ ਤੋਂ ਭਾਜਪਾ ਦੀ ਸੰਸਦ ਮੈਂਬਰ ਤੇ ਅਦਾਕਾਰਾ ਕੰਗਨਾ ਰਣੌਤ ਦੀ ਆਉਣ ਵਾਲੀ ਫਿਲਮ ‘ਐਮਰਜੈਂਸੀ’ ਵਿਵਾਦਾਂ ਵਿੱਚ ਘਿਰ ਗਈ ਹੈ। ਕੰਗਨਾ ਦੀ ਇਹ ਫਿਲਮ ਸਾਬਕਾ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੇ ਕਾਰਜਕਾਲ ਦੌਰਾਨ ਲਾਈ ਗਈ ਐਮਰਜੈਂਸੀ ’ਤੇ ਬਣੀ ਹੈ। ਇਸ ਫਿਲਮ ਵਿੱਚ ਦਿਖਾਏ ਕੁਝ ਸੀਨਾਂ ਕਰਕੇ ਸਿੱਖ ਭਾਈਚਾਰਾ ਖਫਾ ਹੈ। ਫਰੀਦਕੋਟ ਤੋਂ ਆਜ਼ਾਦ ਸੰਸਦ ਮੈਂਬਰ ਸਰਬਜੀਤ ਸਿੰਘ ਖ਼ਾਲਸਾ ਨੇ ਫ਼ਿਲਮ ਵਿੱਚ ਦਿਖਾਏ ਗਏ ਦ੍ਰਿਸ਼ਾਂ ’ਤੇ ਇਤਰਾਜ਼ ਜਤਾਇਆ ਹੈ। ਉਨ੍ਹਾਂ ਕਿਹਾ ਹੈ ਕਿ ਸਿੱਖਾਂ ਨੂੰ ਗਲਤ ਤਰੀਕੇ ਨਾਲ ਪੇਸ਼ ਕੀਤਾ ਗਿਆ ਹੈ। ਉਨ੍ਹਾਂ ਕੇਂਦਰ ਸਰਕਾਰ ਨੂੰ ਪੱਤਰ ਲਿਖ ਕੇ ਫਿਲਮ ਦੀ ਰਿਲੀਜ਼ ’ਤੇ ਰੋਕ ਲਾਉਣ ਦੀ ਮੰਗ ਕੀਤੀ ਹੈ। ਸੰਸਦ ਮੈਂਬਰ ਸਰਬਜੀਤ ਸਿੰਘ ਖਾਲਸਾ ਨੇ ਕਿਹਾ, ”ਨਵੀਂ ਫਿਲਮ ‘ਐਮਰਜੈਂਸੀ’ ’ਚ ਸਿੱਖਾਂ ਨੂੰ ਗਲਤ ਤਰੀਕੇ ਨਾਲ ਪੇਸ਼ ਕੀਤੇ ਜਾਣ ਦੀਆਂ ਖ਼ਬਰਾਂ ਹਨ। ਇਸ ਕਾਰਨ ਅਮਨ-ਕਾਨੂੰਨ ਦੀ ਸਥਿਤੀ ਵਿਗੜਨ ਦਾ ਖਦਸ਼ਾ ਹੈ। ਜੇਕਰ ਇਸ ਫਿਲਮ ਵਿੱਚ ਸਿੱਖਾਂ ਨੂੰ ਵੱਖਵਾਦੀ ਜਾਂ ਅੱਤਵਾਦੀ ਵਜੋਂ ਦਿਖਾਇਆ ਗਿਆ ਹੈ ਤਾਂ ਇਹ ਇੱਕ ਡੂੰਘੀ ਸਾਜ਼ਿਸ਼ ਹੈ। ਇਹ ਫਿਲਮ ਇੱਕ ਮਨੋਵਿਗਿਆਨਕ ਹਮਲਾ ਹੈ, ਜਿਸ ਵੱਲ ਸਰਕਾਰ ਨੂੰ ਪਹਿਲਾਂ ਹੀ ਧਿਆਨ ਦੇਣਾ ਚਾਹੀਦਾ ਹੈ ਤੇ ਦੂਜੇ ਦੇਸ਼ਾਂ ਵਿੱਚ ਸਿੱਖਾਂ ਪ੍ਰਤੀ ਨਫਰਤ ਨੂੰ ਭੜਕਾਉਣਾ ਬੰਦ ਕਰਨਾ ਚਾਹੀਦਾ ਹੈ।

## ਕੇਜਰੀਵਾਲ ਨੂੰ ਨਹੀਂ ਮਿਲੀ ਰਾਹਤ, ਕੋਰਟ ਨੇ 27 ਅਗਸਤ ਤੱਕ ਵਧਾਈ ਨਿਆਇਕ ਹਿਰਾਸਤ



**ਨਵੀਂ ਦਿੱਲੀ, 20 ਅਗਸਤ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਦੀ ਇਕ ਅਦਾਲਤ ਨੇ ਆਬਕਾਰੀ ਨੀਤੀ ਘਪਲੇ ਦੇ ਸਿਲਸਿਲੇ ’ਚ ਸੀ.ਬੀ.ਆਈ. ਵਲੋਂ ਦਰਜ ਭ੍ਰਿਸ਼ਟਾਚਾਰ ਦੇ ਇਕ ਮਾਮਲੇ ’ਚ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਨਿਆਇਕ ਹਿਰਾਸਤ ਦੀ ਮਿਆਦ ਮੰਗਲਵਾਰ ਨੂੰ 27 ਅਗਸਤ ਤੱਕ ਵਧਾ ਦਿੱਤੀ। ਵਿਸ਼ੇਸ਼ ਜੱਜ ਕਾਵੇਰੀ ਬਾਵੇਜਾ ਨੇ ਆਮ ਆਦਮੀ ਪਾਰਟੀ (ਆਪ) ਆਗੂ ਕੇਜਰੀਵਾਲ ਦੀ ਨਿਆਇਕ ਹਿਰਾਸਤ ਦੀ ਮਿਆਦ ਖ਼ਤਮ ਹੋਣ ’ਤੇ, ਉਨ੍ਹਾਂ ਨੂੰ ਵੀਡੀਓ ਕਾਨਫਰੰਸ ਰਾਹੀਂ ਅਦਾਲਤ ਦੇ ਸਾਹਮਣੇ ਪੇਸ਼ ਕੀਤੇ ਜਾਣ ਤੋਂ ਬਾਅਦ ਉਨ੍ਹਾਂ ਦੀ ਹਿਰਾਸਤ ਮਿਆਦ 27 ਅਗਸਤ ਤੱਕ ਵਧਾ ਦਿੱਤੀ। ਅਦਾਲਤ ਕੇਜਰੀਵਾਲ ਖ਼ਿਲਾਫ਼ ਕੇਂਦਰੀ ਜਾਂਚ ਬਿਊਰੋ (ਸੀ.ਬੀ.ਆਈ.) ਵਲੋਂ ਦਾਖ਼ਲ ਪੂਰਕ ਦੋਸ਼ ਪੱਤਰ ’ਤੇ 27 ਅਗਸਤ ਨੂੰ ਵਿਚਾਰ ਕਰ ਸਕਦੀ ਹੈ।

## ਅੱਜ ‘ਭਾਰਤ ਬੰਦ’

**ਨਵੀਂ ਦਿੱਲੀ, 20 ਅਗਸਤ (ਆਵਾਜ਼ਿ ਕੌਮ ਬਿਊਰੋ)**-ਆਰਕਸ਼ਣ ਬਚਾਓ ਸੰਘਰਸ਼ ਸਮਿਤੀ ਨੇ SC/ST ਰਿਜ਼ਰਵੇਸ਼ਨ ’ਚ ਕ੍ਰੀਮੀ ਲੇਅਰ ਲਾਗੂ ਕਰਨ ਦੇ ਸੁਪਰੀਮ ਕੋਰਟ ਦੇ ਫ਼ੈਸਲੇ ਦੇ ਵਿਰੋਧ ’ਚ 21 ਅਗਸਤ ਯਾਨੀ ਕੱਲ੍ਹ ਨੂੰ ਭਾਰਤ ਬੰਦ ਦਾ ਐਲਾਨ ਕੀਤਾ ਹੈ। ਅਦਾਲਤ ਦਾ ਕਹਿਣਾ ਹੈ ਕਿ ਜਿਹੜੇ ਲੋਕ ਅਸਲ ਵਿੱਚ ਰਾਖਵੇਂਕਰਨ ਦਾ ਲਾਭ ਲੈਣ ਦੇ ਹੱਕਦਾਰ ਹਨ, ਉਨ੍ਹਾਂ ਨੂੰ ਪਹਿਲ ਮਿਲਣੀ ਚਾਹੀਦੀ ਹੈ। ਇਸ ਬੰਦ ਦਾ ਸਮਰਥਨ ਕਈ ਦਲਿਤ ਜਥੇਬੰਦੀਆਂ ਅਤੇ ਬਹੁਜਨ ਸਮਾਜ ਪਾਰਟੀ (ਬਸਪਾ) ਵਲੋਂ ਕੀਤਾ ਗਿਆ ਹੈ। ਇਸ ਫ਼ੈਸਲੇ ਦਾ ਵਿਰੋਧ ਕਰਦੇ ਹੋਏ ਜਥੇਬੰਦੀਆਂ ਅਤੇ ਪਾਰਟੀਆਂ ਇਸ ਨੂੰ ਸਮਾਜਿਕ ਨਿਆਂ ਪ੍ਰਤੀ ਗਲਤ ਕਦਮ ਮੰਨ ਰਹੀਆਂ ਹਨ ਅਤੇ ਸੁਪਰੀਮ ਕੋਰਟ ਦੇ ਫ਼ੈਸਲੇ ਨੂੰ ਵਾਪਸ ਲੈਣ ਦੀ ਮੰਗ ਕਰ ਰਹੀਆਂ ਹਨ।

## ਇੱਕ ਤੋਂ ਬਾਅਦ ਇੱਕ ਭੂਚਾਲ ਦੇ ਝਟਕਿਆਂ ਨਾਲ ਕੰਬੀ ਕਸ਼ਮੀਰ ਦੀ ਧਰਤੀ




**ਸ੍ਰੀ ਨਗਰ, 20 ਅਗਸਤ (ਆਵਾਜ਼ਿ ਕੌਮ ਬਿਊਰੋ)**-ਕੇਂਦਰ ਸ਼ਾਸਿਤ ਪ੍ਰਦੇਸ਼ ਜੰਮੂ-ਕਸ਼ਮੀਰ ਮੰਗਲਵਾਰ (20 ਅਗਸਤ) ਦੀ ਸਵੇਰ ਨੂੰ ਇਕ ਤੋਂ ਬਾਅਦ ਇਕ ਭੂਚਾਲ ਦੇ ਝਟਕਿਆਂ ਨਾਲ ਹਿੱਲ ਗਿਆ। ਜੰਮੂ-ਕਸ਼ਮੀਰ ’ਚ ਭੂਚਾਲ ਦੇ ਦੋ ਝਟਕਿਆਂ ਨੇ ਘਾਟੀ ਦੇ ਲੋਕਾਂ ਨੂੰ ਹਿਲਾ ਕੇ ਰੱਖ ਦਿੱਤਾ ਹੈ। ਰਿਕਟਰ ਪੈਮਾਨੇ ’ਤੇ ਪਹਿਲੇ ਭੂਚਾਲ ਦੀ ਤੀਬਰਤਾ 4.9 ਮਾਪੀ ਗਈ, ਜਦੋਂ ਕਿ ਦੂਜੇ ਭੂਚਾਲ ਦੀ ਤੀਬਰਤਾ 4.6 ਸੀ। ਹੁਣ ਤੱਕ ਦੋ ਸ਼ਕਤੀਸ਼ਾਲੀ ਭੂਚਾਲਾਂ ਕਰਕੇ ਕਿਸੇ ਜਾਨੀ ਜਾਂ ਮਾਲੀ ਨੁਕਸਾਨ ਦੀ ਕੋਈ ਖ਼ਬਰ ਨਹੀਂ ਹੈ। ਹਾਲਾਂਕਿ ਲੋਕਾਂ ਵਿੱਚ ਡਰ ਦਾ ਮਾਹੌਲ ਜ਼ਰੂਰ ਪੈਦਾ ਹੋ ਗਿਆ ਹੈ। ਦਰਅਸਲ, ਕਈ ਵਾਰ ਅਜਿਹਾ ਹੁੰਦਾ ਹੈ ਕਿ ਜਦੋਂ ਭੂਚਾਲ ਦਾ ਪਹਿਲਾ ਝਟਕਾ ਲੱਗਦਾ ਹੈ ਤਾਂ ਉਸ ਦੇ ਨਾਲ-ਨਾਲ ਆਫਟਰ ਸ਼ਾੱਕ ਵੀ ਮਹਿਸੂਸ ਕੀਤਾ ਜਾਂਦਾ ਹੈ, ਜਿਸ ਦੀ ਤੀਬਰਤਾ ਘੱਟ ਹੁੰਦੀ ਹੈ। ਸਰਲ ਭਾਸ਼ਾ ਵਿੱਚ, ਭੂਚਾਲ ਦਾ ਪਹਿਲਾ ਝਟਕਾ ਇੱਕ ਜ਼ੋਰਦਾਰ ਤਰੀਕੇ ਨਾਲ ਆਉਂਦਾ ਹੈ, ਜਿਸ ਤੋਂ ਬਾਅਦ ਦੂਜਾ ਝਟਕਾ ਥੋੜ੍ਹਾ ਘੱਟ ਤੀਬਰਤਾ ਵਾਲਾ ਹੁੰਦਾ ਹੈ। ਮੰਨਿਆ ਜਾ ਰਿਹਾ ਹੈ ਕਿ ਜੰਮੂ-ਕਸ਼ਮੀਰ ’ਚ ਭੂਚਾਲ ਦੌਰਾਨ ਵੀ ਅਜਿਹਾ ਹੀ ਦੇਖਣ ਨੂੰ ਮਿਲਿਆ ਹੈ। ਭੂਚਾਲ ਦੇ ਝਟਕਿਆਂ ਨੂੰ ਮਹਿਸੂਸ ਕਰਦੇ ਹੋਏ ਲੋਕ ਘਰਾਂ ਤੋਂ ਬਾਹਰ ਨਿਕਲਦੇ ਵੀ ਦੇਖੇ ਗਏ। ਲੋਕਾਂ ਦੇ ਚਿਹਰਿਆਂ ’ਤੇ ਡਰ ਸਾਫ਼ ਦਿਖਾਈ ਦੇ ਰਿਹਾ ਸੀ। ’ਮੈਟ੍ਰੋਲਾਜੀਕਲ ਸੈਂਟਰ’, ਸ਼੍ਰੀਨਗਰ ਦੇ ਅਨੁਸਾਰ, ਭੂਚਾਲ ਮੰਗਲਵਾਰ ਸਵੇਰੇ 6.45 ਵਜੇ ਆਇਆ। ਇਸ ਦਾ ਕੇਂਦਰ ਉੱਤਰੀ ਕਸ਼ਮੀਰ ਦਾ ਬਾਰਾਮੂਲਾ ਜ਼ਿਲ੍ਹਾ ਸੀ, ਜਿੱਥੇ ਕਿਸੇ ਤਰ੍ਹਾਂ ਦੇ ਨੁਕਸਾਨ ਦੀ ਖ਼ਬਰ ਨਹੀਂ ਹੈ। ਭੂਚਾਲ ਦੇ ਝਟਕਿਆਂ ਦਾ ਅਸਰ ਗੁਆਂਢੀ ਦੇਸ਼ ਪਾਕਿਸਤਾਨ ’ਚ ਵੀ ਦੇਖਣ ਨੂੰ ਮਿਲਿਆ। ਭਾਰਤ ਦੇ ਇੱਕ ਵੱਡੇ ਹਿੱਸੇ ਨੂੰ ਹਿਲਾ ਕੇ ਰੱਖਣ ਤੋਂ ਇਲਾਵਾ ਇਸ ਨੇ ਪਾਕਿਸਤਾਨ ਦੇ ਲੋਕਾਂ ਨੂੰ ਵੀ ਹਿਲਾ ਕੇ ਰੱਖ ਦਿੱਤਾ ਹੈ। ਪਾਕਿਸਤਾਨ ਤੋਂ ਅਜੇ ਤੱਕ ਕਿਸੇ ਜਾਨੀ ਜਾਂ ਮਾਲੀ ਨੁਕਸਾਨ ਦੀ ਕੋਈ ਖ਼ਬਰ ਨਹੀਂ ਹੈ। ਭੂਚਾਲ ਦੇ ਝਟਕੇ ਇੰਨੇ ਜ਼ਬਰਦਸਤ ਸਨ ਕਿ ਘਰਾਂ ਦੇ ਪੱਖੇ ਹਿੱਲਣ ਲੱਗ ਪਏ। ਲੋਕਾਂ ਨੇ ਆਪਣੀਆਂ ਅਲਮਾਰੀਆਂ ਵਿੱਚ ਰੱਖੀਆਂ ਚੀਜ਼ਾਂ ਨੂੰ ਵੀ ਹਿਲਦਾ ਦੇਖਿਆ। ਜੰਮੂ-ਕਸ਼ਮੀਰ ਦੇ ਪੁੰਛ ਤੋਂ ਇਕ ਵੀਡੀਓ ਸਾਹਮਣੇ ਆਈ ਹੈ, ਜਿਸ ਵਿਚ ਭੂਚਾਲ ਕਾਰਨ ਇਕ ਪੱਖਾ ਤੇਜ਼ੀ ਨਾਲ ਹਿੱਲਦਾ ਦੇਖਿਆ ਜਾ ਸਕਦਾ ਹੈ। ਜੰਮੂ-ਕਸ਼ਮੀਰ ਵਿੱਚ ਇੱਕ ਮਹੀਨੇ ਵਿੱਚ ਇਹ ਦੂਜਾ ਭੂਚਾਲ ਹੈ। ਇਸ ਤੋਂ ਪਹਿਲਾਂ 12 ਜੁਲਾਈ ਨੂੰ ਬਾਰਾਮੂਲਾ ’ਚ 4.1 ਤੀਬਰਤਾ ਦੇ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ ਸਨ।

## ਨਾਂਦੇੜ ਸਾਹਿਬ ਪਰਿਵਾਰ ਸਮੇਤ ਨਤਮਸਤਕ ਹੋਏ ਮੁੱਖ ਮੰਤਰੀ ਮਾਨ, ਸਿੰਘ ਸਾਹਿਬ ਨੇ ਰਵਾਇਤੀ ਪੁਸ਼ਾਕ ਪਹਿਨਾ ਕੀਤਾ ਸਨਮਾਨ




**ਨਾਂਦੇੜ ਸਾਹਿਬ, 20 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅੱਜ ਆਪਣੇ ਪਰਿਵਾਰ ਸਮੇਤ ਨਾਂਦੇੜ ਸਾਹਿਬ ਪਹੁੰਚੇ। ਜਿੱਥੇ ਉਹ ਆਪਣੀ ਪਤਨੀ ਡਾ.ਗੁਰਪ੍ਰੀਤ ਕੌਰ, ਬੱਚੀ ਅਤੇ ਮਾਤਾ ਜੀ ਨਾਲ ਤਖ਼ਤ ਸ੍ਰੀ ਹਜ਼ੂਰ ਸਾਹਿਬ ਵਿਖੇ ਨਤਮਸਤਕ ਹੋਏ ਹਨ। ਇਸ ਮੌਕੇ ਉਨ੍ਹਾਂ ਨੇ ਵਾਹਿਗੁਰੂ ਜੀ ਅੱਗੇ ਪੰਜਾਬ ਤੇ ਪੰਜਾਬੀਆਂ ਦੀ ਚੜ੍ਹਦੀ ਕਲਾ ਦੀ ਅਰਦਾਸ ਕੀਤੀ। ਗੁਰਦੁਆਰਾ ਸਾਹਿਬ ਵਿਖੇ ਪਹੁੰਚਣ ’ਤੇ ਸਿੰਘ ਸਾਹਿਬ ਨੇ ਰਵਾਇਤੀ ਪੁਸ਼ਾਕ ਪਹਿਨਾ ਕੇ ਮੁੱਖ ਮੰਤਰੀ ਮਾਨ ਦਾ ਵਿਸ਼ੇਸ਼ ਤੌਰ ’ਤੇ ਸਨਮਾਨ ਕੀਤਾ। ਦੱਸ ਦੇਈਏ ਕਿ ਇਹ ਜਾਣਕਾਰੀ ਮੁੱਖ ਮੰਤਰੀ ਦਫ਼ਤਰ ਵੱਲੋਂ ਦਿੱਤੀ ਗਈ ਹੈ। ਉਹ ਸ਼ਾਮ 5 ਵਜੇ ਭਗਵੰਤ ਮਾਨ ਮੁੰਬਈ ਲਈ ਰਵਾਨਾ ਹੋਣਗੇ। ਹਾਲਾਂਕਿ ਮੁੱਖ ਮੰਤਰੀ ਪਿਛਲੇ ਇੱਕ ਹਫ਼ਤੇ ਤੋਂ ਲਗਾਤਾਰ ਦੌਰੇ ’ਤੇ ਹਨ। ਇਸ ਤੋਂ ਪਹਿਲਾਂ ਉਹ ਹਰਿਆਣਾ ਚੋਣਾਂ ਸਬੰਧੀ ਚੋਣ ਮੀਟਿੰਗਾਂ ਕਰ ਰਹੇ ਸਨ। ਇਸ ਤੋਂ ਬਾਅਦ ਸੁਤੰਤਰਤਾ ਦਿਵਸ ਸਮਾਰੋਹ ਅਤੇ ਫਿਰ ਰੱਖੜੀ ਅਤੇ ਰੱਖੜ ਪੁੰਨਿਆ ਸਬੰਧੀ ਸਮਾਗਮਾਂ ਵਿੱਚ ਵੀ ਉਹ ਸ਼ਾਮਲ ਹੋਏ।

ਆਵਾਜ਼ਿ ਕੌਮ
AWAZE QAUM
International Newspaper & WEB TV

## ਸੁਪਰੀਮ ਕੋਰਟ ਨੇ ਅਪਣਾਇਆ ਸਖ਼ਤ ਰਵੱਈਆ, ਸੀ. ਬੀ. ਆਈ. ਨੂੰ ਦਿੱਤੇ ਨਿਰਦੇਸ਼




**ਨਵੀਂ ਦਿੱਲੀ, 20 ਅਗਸਤ (ਆਵਾਜ਼ਿ ਕੌਮ ਬਿਊਰੋ)**-ਕੋਲਕਾਤਾ ਵਿਚ ਟ੍ਰੇਨੀ ਮਹਿਲਾ ਡਾਕਟਰ ਨਾਲ ਰੇਪ ਮਗਰੋਂ ਕਤਲ ਦੇ ਮਾਮਲੇ ਵਿਚ ਸੁਪਰੀਮ ਕੋਰਟ ਨੇ ਵੱਡਾ ਫ਼ੈਸਲਾ ਲਿਆ ਹੈ। ਸੁਪਰੀਮ ਕੋਰਟ ਨੇ ਸਖ਼ਤ ਰਵੱਈਆ ਅਪਣਾਉਂਦਿਆਂ ਐਲਾਨ ਕੀਤਾ ਹੈ ਕਿ ਡਾਕਟਰਾਂ ਦੀ ਸੁਰੱਖਿਆ ਲਈ ਨੈਸ਼ਨਲ ਟਾਸਕ ਫੋਰਸ ਬਣਾਇਆ ਜਾਵੇਗਾ। ਇਹ ਟਾਸਕ ਫੋਰਸ ਕੋਰਟ ਦੀ ਨਿਗਰਾਨੀ ਵਿਚ ਬਣਾਇਆ ਜਾਵੇਗਾ ਅਤੇ ਇਸ ਵਿਚ ਡਾਕਟਰਾਂ ਨੂੰ ਵੀ ਸ਼ਾਮਲ ਕੀਤਾ ਜਾਵੇਗਾ। ਟਾਕਸ ਫੋਰਸ 3 ਹਫ਼ਤਿਆਂ ਵਿਚ ਅੰਤਰਿਮ ਰਿਪੋਰਟ ਦੇਵੇਗੀ। ਚੀਫ਼ ਜਸਟਿਸ ਡੀ. ਵਾਈ. ਚੰਦਰਚੂੜ ਦੀ ਪ੍ਰਧਾਨਗੀ ਵਿਚ ਜਸਟਿਸ ਜੇ. ਬੀ. ਪਾਦਰੀਵਾਲਾ ਅਤੇ ਜਸਟਿਸ ਮਨੋਜ ਮਿਸ਼ਰਾ ਦੀ ਬੈਂਚ ਨੇ ਇਸ ਮਾਮਲੇ ਵਿਚ ਸੁਣਵਾਈ ਕੀਤੀ। ਕੋਰਟ ਨੇ ਸੀ. ਬੀ. ਆਈ. ਨੂੰ ਵੀਰਵਾਰ ਯਾਨੀ ਕਿ 22 ਅਗਸਤ ਤੱਕ ਸਟੇਟਸ ਰਿਪੋਰਟ ਸੌਂਪਣ ਦਾ ਹੁਕਮ ਦਿੱਤਾ ਹੈ। ਇਸ ਵਿਚ ਇਹ ਦੱਸਿਆ ਜਾਵੇ ਕਿ ਉਸ ਨੇ ਹੁਣ ਤੱਕ ਕੀ ਕਦਮ ਚੁੱਕੇ ਅਤੇ ਜਾਂਚ ਕਿੱਥੇ ਤੱਕ ਪਹੁੰਚੀ। ਕੋਰਟ ਹੁਣ 22 ਅਗਸਤ ਨੂੰ ਮਾਮਲੇ ਦੀ ਅੱਗੇ ਦੀ ਸੁਣਵਾਈ ਕਰੇਗੀ। ਸੁਪਰੀਮ ਕੋਰਟ ਨੇ ਇਸ ਕੇਸ ਦਾ ਖ਼ੁਦ ਨੋਟਿਸ ਲਿਆ। ਉੱਥੇ ਹੀ ਡਾਕਟਰਾਂ ਦੇ ਵਿਰੋਧ ਪ੍ਰਦਰਸ਼ਨ ਕਾਰਨ ਪੱਛਮੀ ਬੰਗਾਲ ਵਿਚ ਸਿਹਤ ਸੇਵਾਵਾਂ ਠੱਪ ਹੋ ਗਈਆਂ ਹਨ। ਪ੍ਰਦਰਸ਼ਨਕਾਰੀ ਡਾਕਟਰ ਚਾਹੁੰਦੇ ਹਨ ਕਿ ਸੀ. ਬੀ. ਆਈ. ਦੋਸ਼ੀਆਂ ਨੂੰ ਫੜੇ ਅਤੇ ਅਦਾਲਤ ਉਨ੍ਹਾਂ ਨੂੰ ਮੌਤ ਦੀ ਸਜ਼ਾ ਦੇਵੇ। ਓਧਰ ਸੁਪਰੀਮ ਕੋਰਟ ਦੀ ਬੈਂਚ ਮੁਤਾਬਕ ਇਸ ਮਾਮਲੇ ’ਤੇ ਖ਼ੁਦ ਨੋਟਿਸ ਲੈਣਾ ਇਸ ਤੱਥ ਨੂੰ ਵੇਖਦੇ ਹੋਏ ਮਹੱਤਵਪੂਰਨ ਹੈ ਕਿ ਕੱਲਕਤਾ ਹਾਈ ਕੋਰਟ ਨੇ ਪਹਿਲਾਂ ਹੀ ਕਾਰਵਾਈ ਕੀਤੀ ਹੈ ਅਤੇ ਮਾਮਲੇ ਦੀ ਜਾਂਚ ਸੀ. ਬੀ. ਆਈ. ਨੂੰ ਸੌਂਪ ਦਿੱਤੀ ਹੈ। ਸੁਪਰੀਮ ਕੋਰਟ ਨੇ ਇਸ ਘਟਨਾ ’ਤੇ ਸਖ਼ਤ ਰਵੱਈਆ ਅਪਣਾਉਂਦੇ ਹੋਏ ਕਿਹਾ ਕਿ ਜ਼ਮੀਨੀ ਪੱਧਰ ’ਤੇ ਚੀਜ਼ਾਂ ਬਦਲਣ ਲਈ ਦੇਸ਼ ਇਕ ਹੋਰ ਰੇਪ ਦੀ ਘਟਨਾ ਦੀ ਉਡੀਕ ਨਹੀਂ ਕਰ ਸਕਦਾ। ਚੀਫ਼ ਜਸਟਿਸ ਨੇ ਕਿਹਾ ਕਿ ਅਸੀਂ ਪੀੜਤਾ ਦੀ ਪਛਾਣ ਉਜਾਗਰ ਹੋਣ ਨੂੰ ਲੈ ਕੇ ਚਿੰਤਤ ਹਾਂ। ਪੀੜਤਾ ਦੀ ਫੋਟੋ ਅਤੇ ਪੋਸਟਮਾਰਟਮ ਮਗਰੋਂ ਉਸ ਦੀ ਬਾਡੀ ਵਿਖਾਉਣਾ ਚਿੰਤਾਜਨਕ ਹੈ, ਜਦਕਿ ਅਜਿਹਾ ਨਹੀਂ ਹੋਣਾ ਚਾਹੀਦਾ ਸੀ। ਚੀਫ਼ ਜਸਟਿਸ ਨੇ ਪੱਛਮੀ ਬੰਗਾਲ ਸਰਕਾਰ ਤੋਂ ਪੁੱਛਿਆ ਕਿ ਕੀ ਪ੍ਰਿੰਸੀਪਲ ਨੇ ਕਤਲ ਨੂੰ ਖ਼ੁਦਕੁਸ਼ੀ ਦੱਸਿਆ ? ਕੀ ਪੀੜਤਾ ਦੇ ਮਾਤਾ-ਪਿਤਾ ਨੂੰ ਦੇਰੀ ਨਾਲ ਸੂਚਨਾ ਦਿੱਤੀ ਹੈ ? ਉਨ੍ਹਾਂ ਨੂੰ ਮਿਲਣ ਨਹੀਂ ਦਿੱਤਾ ਗਿਆ। ਚੀਫ਼ ਜਸਟਿਸ ਨੇ ਇਹ ਵੀ ਕਿਹਾ ਕਿ ਕੀ ਕਤਲ ਤਹਿਤ FIR ਦਰਜ ਹੋਈ ਹੈ ? ਪ੍ਰਿੰਸੀਪਲ ਕੀ ਕਰ ਰਹੇ ਸਨ ? FIR ਦਰਜ ਕਰਾਉਣ ਵਿਚ ਦੇਰੀ ਕਿਉਂ ਹੋਈ ? ਇਹ ਬੇਹੱਦ ਗੰਭੀਰ ਮੁੱਦਾ ਹੈ।



Nankana Sahib Yatra Committe Uk
pakistan gurdwara yatra
6th november to 16th november 2024
yatra includes 25+ gurudwara sahib darshan .Accommodation in hotels and travel within pakistan and yatra start to finish point in AC coaches
ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ
£1095
Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.
Note: It does not include flight ticket and insurance, it has to be done by the passenger himself.
ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਡ ਹੋਵੇਗਾ।
ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।
*-- ਗੁਰੂ ਪੰਥ ਦੇ ਸੇਵਾਦਾਰ --*
ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK
• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161
• ਭਾਈ ਬਲਜੀਤ ਸਿੰਘ ਕੰਗ/Bhai Baljit Singh Kang
+44 7780 605230
• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਨਾਮ ਜਪੋ / ਕਿਰਤ ਕਰੋ / ਵੰਡ ਛਕੋ
Naam Japo / Kirat Karo / Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
PURE AND NATURAL 100% VEGETARIAN
Enjoy Real Taste of PUNJAB
KD
FULLY A.C. HALL
Khehra VAISHNO DHABA
BREAKFAST LUNCH DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment


# ਪੰਜਾਬੀ
## ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ | Love Maa Boli Punjabi

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

www.damdamitaksal.net

ਮੁਕਤਾ | ਾ ਕੰਨਾ | ਿ ਸਿਹਾਰੀ | ੀ ਬਿਹਾਰੀ
ੁ ਔਂਕੜ | ੂ ਦੁਲੈਂਕੜ | ੇ ਲਾਂ | ੈ ਦੁਲਾਵਾਂ
ੋ ਹੋੜਾ | ੌ ਕਨੌੜਾ | ੰ ਟਿੱਪੀ | ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net
Learn Speak Read Write PUNJABI


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07715128621





KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖ਼ਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।






**www.khalsaforge.com**

ਸੱਦਾ-ਪੱਤਰ

ੴ ਸਤਿਗੁਰ ਪ੍ਰਸਾਦਿ ॥

# ਸ਼ਹੀਦ ਬਾਬਾ ਬੇਅੰਤ ਸਿੰਘ ਜੀ ਦੀ ਯਾਦ ਵਿੱਚ

ਗੁ: ਸ਼ਹੀਦਾਂ ਸਿੰਘਾਂ ਮੇਨ ਰੋਡ ਪਿੰਡ ਚੌਹੜਾ-ਡਘਾਮ (ਕੋਟ ਪੱਲੀਆਂ) ਵਿਖੇ

## ਮਿਤੀ 22 ਅਗਸਤ 2024 ਦਿਨ ਵੀਰਵਾਰ ਨੂੰ

# ਬਰਸੀ ਸਮਾਗਮ

ਆਪ ਜੀ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਬਰਸੀ ਸਮਾਗਮ ਵਿੱਚ ਆਪ ਜੀ ਨੇ ਪਰਿਵਾਰ ਅਤੇ ਵੱਧ ਤੋਂ ਵੱਧ ਸੰਗਤਾਂ ਸਮੇਤ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

|| 20 ਅਗਸਤ ਦਿਨ ਮੰਗਲਵਾਰ ਨੂੰ ਅਰੰਭ ਸ੍ਰੀ ਅਖੰਡਪਾਠ ਸਾਹਿਬ ਜੀ
22 ਅਗਸਤ ਦਿਨ ਵੀਰਵਾਰ ਨੂੰ ਭੋਗ ਉਪਰੰਤ ਦੀਵਾਨ ਸਜਣਗੇ ||

**ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ)**
**ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ**

*ਪਹੁੰਚ ਰਹੇ ਪੰਥ ਪ੍ਰਸਿੱਧ ਕਥਾ ਵਾਚਕ, ਕੀਰਤਨੀ ਅਤੇ ਢਾਡੀ ਜਥੇ :-*

* ਭਾਈ ਬਲਵੰਤ ਸਿੰਘ ਬਕਾਪੁਰ ਵਾਲੇ
* ਉਸਤਾਦ ਗਿਆਨੀ ਬਲਕਾਰ ਸਿੰਘ ਜੀ ਦਮਦਮੀ ਟਕਸਾਲ
* ਕਵੀਸ਼ਰੀ ਜਥਾ ਗਿ. ਕੇਵਲ ਸਿੰਘ ਮਹਿਤਾ
* ਢਾਡੀ ਜਥਾ ਭਾਈ ਅੰਮ੍ਰਿਤਪਾਲ ਸਿੰਘ ਬੋੜੇ ਵਾਲੇ (ਨਿਹੰਗ ਸਿੰਘ)



**ਗੁਰੂ ਕਾ ਲੰਗਰ ਅਤੁੱਟ ਵਰਤੇਗਾ ਜੀ**

ਗੁਰਦੁਆਰਾ ਸ਼ਹੀਦਾਂ ਸਿੰਘਾਂ ਦੀ ਇਮਾਰਤ ਦੀ ਕਾਰ ਸੇਵਾ ਚੱਲ ਰਹੀ ਹੈ ਸੰਗਤਾਂ ਤਨ-ਮਨ-ਧੰਨ ਨਾਲ ਯੋਗਦਾਨ ਪਾਓ ਜੀ।

**ਨੋਟ : ਗੁਰਦੁਆਰਾ ਸਾਹਿਬ ਵਿਖੇ ਗੁਰਬਾਣੀ ਦੀ ਸੰਥਿਆ ਅਤੇ ਕੀਰਤਨ ਦੀ ਮੁਫ਼ਤ ਸਿੱਖਿਆ ਦਿੱਤੀ ਜਾਂਦੀ ਹੈ।**

ਬੇਨਤੀ ਕਰਤਾ

## ਜਥੇਦਾਰ ਸਵਰਨਜੀਤ ਸਿੰਘ

(ਮੁਖੀ ਮਿਸਲ ਸ਼ਹੀਦਾਂ ਤਰਨਾ ਦਲ, ਦੋਆਬਾ) 98760-81108

**ਏਕ ਨੂਰ ਸਵੈ-ਸੇਵੀ ਸੰਸਥਾ (ਰਜਿ.) ਪਠਲਾਵਾ**

ਸਮੂਹ ਸੇਵਾਦਾਰ ਅਤੇ ਇਲਾਕੇ ਦੀਆਂ ਸੰਗਤਾਂ।

ਆਵਾਜ਼ਿ ਕੌਮ AWAZE QAUM International Newspaper & WEB TV



ੴ ਸਤਿਗੁਰ ਪ੍ਰਸਾਦਿ॥
ਸ਼ਹੀਦ ਬਾਬਾ ਬੇਅੰਤ ਸਿੰਘ ਜੀ ਦੀ ਯਾਦ ਵਿੱਚ
ਗੁ: ਸ਼ਹੀਦਾਂ ਸਿੰਘਾਂ ਮੇਨ ਰੋਡ ਪਿੰਡ ਚੌਹੜਾ-ਡਘਾਮ (ਕੋਟ ਪੱਲੀਆਂ) ਵਿਖੇ
ਮਿਤੀ 22 ਅਗਸਤ 2024 ਦਿਨ ਵੀਰਵਾਰ ਨੂੰ
DOUBLE-S
ਬਰਸੀ ਸਮਾਗਮ
ਕਰਵਾਇਆ ਜਾ ਰਿਹਾ ਹੈ, ਆਪ ਸਭ ਨੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।
ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਰੋਡੇ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ, ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ
20 ਅਗਸਤ ਦਿਨ ਮੰਗਲਵਾਰ ਨੂੰ ਅਰੰਭ ਸ੍ਰੀ ਅਖੰਡਪਾਠ ਸਾਹਿਬ ਜੀ
22 ਅਗਸਤ ਦਿਨ ਵੀਰਵਾਰ ਨੂੰ ਭੋਗ ਉਪਰੰਤ ਦੀਵਾਨ ਸਜਣਗੇ।
ਪਹੁੰਚ ਰਹੇ ਪੰਥ ਪ੍ਰਸਿੱਧ ਕਥਾ ਵਾਚਕ, ਕੀਰਤਨੀ ਅਤੇ ਢਾਡੀ ਜਥੇ
ਭਾਈ ਬਲਵੰਤ ਸਿੰਘ ਬਕਾਪੁਰ ਵਾਲੇ
ਉਸਤਾਦ ਗਿਆਨੀ ਬਲਕਾਰ ਸਿੰਘ ਜੀ ਦਮਦਮੀ ਟਕਸਾਲ
ਕਵੀਸ਼ਰੀ ਜਥਾ ਗਿ. ਕੇਵਲ ਸਿੰਘ ਮਹਿਤਾ (ਕੋਮਲ ਸੋਹੀ ਭਰਾ)
ਢਾਡੀ ਜਥਾ ਭਾਈ ਅੰਮ੍ਰਿਤਪਾਲ ਸਿੰਘ ਬੋੜੇ ਵਾਲੇ (ਨਿਹੰਗ ਸਿੰਘ)
ਬੇਨਤੀ ਕਰਤਾ
ਜਥੇਦਾਰ ਸਵਰਨਜੀਤ ਸਿੰਘ (ਮੁਖੀ ਮਿਸਲ ਸ਼ਹੀਦਾਂ ਤਰਨਾ ਦਲ, ਦੋਆਬਾ) ਮੋਬਾ. 98760-81108
ਏਕ ਨੂਰ ਸਵੈ-ਸੇਵੀ ਸੰਸਥਾ (ਰਜਿ.) ਪਠਲਾਵਾ ਸਮੂਹ ਸੇਵਾਦਾਰ ਅਤੇ ਇਲਾਕੇ ਦੀਆਂ ਸੰਗਤਾਂ।




UK Tour 2024
17 ਅਗਸਤ ਤੋਂ 15 ਸਤੰਬਰ
ਗਿਆਨੀ ਬਲਵਿੰਦਰ ਸਿੰਘ ਜੀ
(ਰੋਡੇ)
(ਹੈੱਡ ਗ੍ਰੰਥੀ) ਗੁ: ਸੰਤ ਖ਼ਾਲਸਾ ਜਨਮ ਅਸਥਾਨ
ਸੰਤ ਬਾਬਾ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲੇ
ਪਿੰਡ ਰੋਡੇ (ਮੋਗਾ)
M. 97815-52538
ਆਵਾਜ਼ਿ ਕੌਮ AWAZE QAUM
International Newspaper & WEB TV


With the blessings of Dhan Dhan Satguru Sahib Sri Guru Granth Sahib Ji
Mahaan Barsi Smagam
&
REMEMBERING THE SHAHEEDS OF 1984
SRI HAZOOR SANT BABA ISHER SINGH JI MAHARAJ
Rara Sahib
SRI MAAN SANT GIANI KARTAR SINGH JI KHALSA
Bhindranwale
Under the Guidance of: Sri Maan Sant Baba Bhagwan Singh Ji Maharaj (Rara Sahib Begowal)
4 DAY MAHAAN OPEN AIR
GURMAT SMAGAM
BANK HOLIDAY WEEKEND
23RD - 26TH AUGUST 2024
Sri Maan Sant Baba Bhagwan Singh Ji Maharaj (Rara Sahib Begowal)
Sri Maan Sant Giani Jarnail Singh Ji Khalsa Bhindranwale (Maujuda Mukhi Damdami Taksal)
SAT 24TH AUG 2024
REHNSBHAI KIRTAN DARBAR
SUN 25TH AUG 2024
SRI DASAM GRANTH SEHAJ PAATH BHOG
MON 26TH AUG 2024
SRI GURU GRANTH SAHIB JI SEHAJ PAATH BHOG
AMRIT SANCHAAR - SUNDAY 25TH AUGUST 2024 - 12PM (HALL 2)
GEORGE ST, WEST BROMWICH, BIRMINGHAM, B70 6NH
(NEXT TO GURU HAR RAI SAHIB GURDWARA)
FOR FURTHER INFORMATION, SEVA AND STALL BOOKINGS PLEASE CONTACT
07977 001313 | 07913 951860 | 07956 007161 | 07590 626176 | 07985 246484
ਆਵਾਜ਼ਿ ਕੌਮ
AWAZE QAUM
International Newspaper & WEB TV



ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਪਾਰ ਕਿਰਪਾ ਸਦਕਾ
ਮਹਾਨ ਬਰਸੀ ਸਮਾਗਮ
ਅਤੇ ਜੂਨ 1984 ਦੇ ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ
ਸ੍ਰੀ ਹਜ਼ੂਰ ਸੰਤ ਬਾਬਾ ਈਸ਼ਰ ਸਿੰਘ ਜੀ ਮਹਾਰਾਜ
ਸ੍ਰੀ ਮਾਨ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ
ਸ੍ਰੀ ਮਾਨ ਸੰਤ ਬਾਬਾ ਭਗਵਾਨ ਸਿੰਘ ਜੀ ਮਹਾਰਾਜ (ਰਾੜਾ ਸਾਹਿਬ ਬੇਗੋਵਾਲ) ਵਾਲਿਆਂ ਦੀ ਰਹਿਨੁਮਾਈ ਹੇਠ
4 ਰੋਜ਼ਾ
ਮਹਾਨ ਗੁਰਮਤਿ ਸਮਾਗਮ
ਬੈਂਕ ਹੋਲੀਡੇਅ ਵੀਕਐਂਡ
23 ਤੋਂ 26 ਅਗਸਤ 2024
ਸ੍ਰੀ ਮਾਨ ਸੰਤ ਬਾਬਾ ਭਗਵਾਨ ਸਿੰਘ ਜੀ ਮਹਾਰਾਜ (ਰਾੜਾ ਸਾਹਿਬ ਬੇਗੋਵਾਲ)
ਸ੍ਰੀ ਮਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ (ਮੌਜੂਦਾ ਮੁਖੀ ਦਮਦਮੀ ਟਕਸਾਲ)
ਸ਼ਨੀਵਾਰ 24 ਅਗਸਤ 2024
ਰੈਣਸਬਾਈ ਕੀਰਤਨ ਦਰਬਾਰ
ਐਤਵਾਰ 25 ਅਗਸਤ 2024
ਸ੍ਰੀ ਦਸਮ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਭੋਗ
ਸੋਮਵਾਰ 26 ਅਗਸਤ 2024
ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਭੋਗ
ਅੰਮ੍ਰਿਤ ਸੰਚਾਰ - ਐਤਵਾਰ 25 ਅਗਸਤ 2024 - ਦੁਪਹਿਰੇ 12 ਵਜੇ (ਹਾਲ 2)
ਜੋਰਜ ਸਟ੍ਰੀਟ, ਵੈਸਟ ਬਰੌਮਵਿਚ, ਬਰਮਿੰਘਮ, B70 6NH
(ਗੁਰੂ ਹਰਿ ਰਾਇ ਸਾਹਿਬ ਗੁਰਦੁਆਰਾ ਦੇ ਪਾਸ)
ਵਧੇਰੇ ਜਾਣਕਾਰੀ, ਸੇਵਾ ਜਾਂ ਸਟਾਲ ਬੁਕਿੰਗ ਲਈ ਹੇਠ ਦਿੱਤੇ ਨੰਬਰਾਂ ਤੇ ਸੰਪਰਕ ਕਰੋ
07977 001313 | 07913 951860 | 07956 007161 | 07590 626176 | 07985 246484
ਆਵਾਜ਼ਿ ਕੌਮ AWAZE QAUM
International Newspaper & WEB TV

ਪਾਣੀ ਨਹੀਂ ਤਾਂ ਜੀਵਨ ਨਹੀਂ

# ਅੱਜ ਦੁਨੀਆ ਵਿੱਚ ਜਿਹੜੀ ਮਹੱਤਵਪੂਰਨ ਚੀਜ਼ ਦੀ ਲੋੜ ਹੈ, ਉਹ ਪਾਣੀ ਹੈ

ਪੰਜਾਬ ਪੰਜ ਦਰਿਆਵਾਂ ਦੀ ਧਰਤੀ ਅੱਜ ਮਾਰੂਥਲ ਬਣਨ ਦੇ ਕਿਨਾਰੇ ਤੇ ਹੈ। ਪੰਜਾਬ ਦੇ ਕੁੱਲ 138 ਬਲਾਕਾਂ ਵਿਚ 11 ਬਲਾਕਾਂ ਦਾ ਧਰਤੀ ਹੇਠਲਾ ਪਾਣੀ ਲੱਗਪਗ ਖਤਮ ਹੈ। ਨਾਸਾਂ ਵਰਗੇ ਵੱਡੇ ਅਦਾਰਿਆਂ ਨੇ ਇਹ ਗੱਲ ਸਾਫ ਕਰ ਦਿੱਤੀ ਹੈ, ਕੇ ਪੰਜਾਬ ਦੇ ਕੋਲ ਕੁਝ ਸਾਲਾਂ ਦਾ ਹੀ ਪਾਣੀ ਬਚਿਆ ਹੈ।ਹੁਣ ਸਵਾਲ ਇਹ ਨਹੀ ਕੇ ਪੰਜਾਬ ਮਾਰੂਥਲ ਬਣ ਜਾਵੇਗਾ ਜਾਂ ਨਹੀਂ, ਹੁਣ ਤਾਂ ਗੱਲ ਇਹ ਹੈ।ਕਿ ਕਿੰਨਾਂ ਸਮਾਂ ਰਹਿ ਗਿਆ। ਪੰਜਾਬੀਆਂ ਨੂੰ ਇਸ ਗੱਲ ਦਾ ਪਤਾ ਹੀ ਨਹੀਂ, ਕੇ ਉਨ੍ਹਾਂ ਨਾਲ ਕੀ ਹੋਣ ਜਾਂ ਰਿਹਾ ਹੈ। ਪੰਜ ਦਰਿਆਵਾਂ ਦੀ ਧਰਤੀ ਮਾਰੂਥਲ ਬਣ ਜਾਵੇਗੀ ਇਹ ਕਿੱਦਾ ਹੋ ਗਿਆ ?




ਇਸ ਬੁਝਾਰਤ ਨੂੰ ਸਮਝਣ ਲਈ ਸਾਨੂੰ 75- 76 ਸਾਲ ਪਿੱਛੇ ਜਾਣ ਪੈਣਾ ਹੈ।ਪੰਜਾਬ ਵਿਚ ਇਹ ਬਰਾਬਦੀ ਤਾਂ ਅਖੋਤੀ ਅਜਾਦੀ ਨਾਲ ਸ਼ੁਰੂ ਹੋ ਗਈ ਸੀ। ਹਾਲੇ ਤਾਂ ਪੰਜਾਬੀਆਂ ਦੇ ਵਿਹੜਿਆ ਵਿੱਚੋਂ ਸੱਥਰ ਨਹੀਂ ਚੁੱਕੇ ਗਏ ਸਨ। ਜਦੋ ਭਾਰਤ ਸਰਕਾਰ ਨੇ ਪੰਜਾਬ ਨੂੰ ਬਰਬਾਦੀ ਦੇ ਰਾਹ ਵੱਲ ਧੱਕ ਦਿੱਤਾ ਸੀ।ਪੰਜਾਬ ਦੇ ਦਰਿਆਵਾਂ ਨੂੰ ਲੁੱਟਣ ਦੇ ਮਾਸਟਰ ਪਲਾਨ ਤਹਿਤ।

ਜੇ 1947 ਤੋਂ ਪਹਿਲਾਂ ਪੰਜਾਬ ਤੋ ਬਾਹਰ ਪਾਣੀ ਜਾਦਾ ਸੀ। ਉਹ ਬੀਕਾਨੇਰ (ਰਾਜਸਥਾਨ) ਜਿਹੜੀ ਫਿਰੋਜ਼ਪੁਰ ਕੰਗ ਕਨਾਲ ਜਿਸ ਨੂੰ ਬੀਕਾਨੇਰ ਫੀਡਰ ਵੀ ਆਖਦੇ ਨੇ ਸਿਰਫ ਉਹ ਹੀ ਇਕ ਨਹਿਰ ਸੀ, ਜੋ ਪੰਜਾਬ ਤੋ ਬਾਹਰ ਜਾਂਦੀ ਸੀ। ਉਹ ਵੀ ਮੁਫਤ ਨਹੀਂ ਸੀ, ਬੀਕਾਨੇਰ ਦਾ ਰਾਜਾ ਪੈਸੇ ਦਿੰਦਾ ਸੀ, ਪੰਜਾਬ ਨੂੰ 1947 ਤੱਕ ਪੰਜਾਬ ਨੂੰ ਉਸਦੇ ਪੈਸੇ ਮਿਲਦੇ ਰਹੇ ਨੇ।

ਤੇ 1947 ਤੋ ਬਾਅਦ ਭਾਰਤ ਸਰਕਾਰ ਨੇ ਸਭ ਤੋਂ ਪਹਿਲਾਂ ਕੰਮ ਇਹੀ ਕੀਤਾ, ਕੇ ਜਿਹੜਾ ਬੀਕਾਨੇਰ (ਰਾਜਸਥਾਨ) ਨੂੰ ਪਾਣੀ ਜਾਦਾ ਸੀ,ਉਹ ਮੁਫਤ ਕਰਤਾ ਸਿਰਫ਼ ਇੰਨਾ ਹੀ ਨਹੀਂ 1950 ਵਿਚ ਪੰਡਿਤ ਜਵਾਹਰ ਲਾਲ ਨਹਿਰੂ ਦੇ ਸਮੇਂ ਪੰਜਾਬ ਦੇ ਦਰਿਆਵਾਂ ਨੂੰ ਜਿਹੜੀ ਜੋੜਨ ਦੀ ਮਾਸਟਰ ਪਲਾਨ ਦੀ ਤਿਆਰੀ ਸ਼ੁਰੂ ਹੋਈ।

ਉੱਝ ਤਾਂ ਇਸਦਾ ਬਲਿਊ ਪ੍ਰਿੰਟ 1948 ਵਿਚ ਤਿਆਰ ਹੋ ਗਿਆ ਸੀ, ਪਰ 1950 ਵਿਚ ਇਸਦਾ ਮੁਕੰਮਲ ਕੰਮ ਸ਼ੁਰੂ ਹੋ ਗਿਆ ਸੀ। ਜਦੋ ਗੁਲਜਾਰੀ ਲਾਲ ਨੰਦਾ ਕੇਂਦਰ ਸਰਕਾਰ ਵਿਚ ਊਰਜਾ ਅਤੇ ਸਿਜਾਈ ਦਾ ਮੰਤਰੀ ਸੀ ਉਹ ਪਲਾਨਿੰਗ ਕਮਿਸ਼ਨ ਦਾ ਵਾਈਸ ਚੇਅਰਮੈਨ ਵੀ ਸੀ।ਉਸ ਦੀ ਦੇਖ ਰੇਖ ਵਿਚ ਦੋ ਵੱਡੇ ਪ੍ਰਾਜੈਕਟਾਂ ਇਕ ਭਾਖੜਾ ਨੰਗਲ, ਦੂਜਾ ਹਰੀਕੇ ਹੈਡਵਰਕਸ ਇਹਨਾਂ ਤੇ ਕੰਮ ਸ਼ੁਰੂ ਹੋਇਆ। ਜਿਹੜਾ ਭਾਖੜਾ ਨੰਗਲ ਤੇ ਬਿਆਸ ਪ੍ਰਾਜੈਕਟ ਸੀ। ਇਕ ਤਾਂ ਉਸਦੇ ਵਿਚ ਭਾਖੜੇ ਡੈਮ ਦੀ ਉਸਾਰੀ ਸੀ, ਦੂਜਾ ਬਿਆਸ ਦੇ ਪਾਣੀ ਨੂੰ ਸਤਲੁਜ ਦਰਿਆ ਪਾਉਣਾ ਸੀ । ਜੀਦੇ ਲਈ ਉਹਨਾਂ ਨੇ ਬਿਆਸ ਸਤਲੁਜ ਲਿੰਕ ਨਹਿਰ ਕੱਢੀ। ਹਿਮਾਚਲ ਪ੍ਰਦੇਸ਼ ਵਿਚ ਮੰਡੀ ਦੇ ਕੋਲ ਪਾਉਡੋ ਡੈਮ ਤੇ ਬਿਆਸ ਦੇ ਪਾਣੀ ਨੂੰ ਬੰਨ ਲਾ ਲਿਆ ।ਉਥੇ ਤੋ 12 ਕਿਲੋਮੀਟਰ ਲੰਬੀ ਸੁਰੰਗ ਰਿਗਰ ਤੱਕ ਪੁੱਟੀ ਫਿਰ ਰਿਗਰ ਤੋ ਸੁੰਦਰ ਨਗਰ ਤੱਕ 20 ਕਿਲੋਮੀਟਰ ਤੱਕ ਓਪਨ ਚੈਨਲ ਹੈ, (ਖੋਲੀ ਨਹਿਰ) ਉਸਦੇ ਰਾਹੀ ਪਾਣੀ ਲੈ ਕੇ ਗਏ।



ਸੁੰਦਰ ਨਹਿਰ ਤੋ ਅੱਗੇ ਫਿਰ ਸਤਲੁਜ ਤੱਕ 12 ਕਿਲੋਮੀਟਰ ਲੰਬੀ ਸੁਰੰਗ ਹੈ, ਜਿਹੜੀ ਸਤਲੁਜ ਨਦੀ ਨਾਲ ਜੁੜਦੀ ਹੈ ਜੋ ਗੋਬਿੰਦ ਸਾਗਰ ਝੀਲ ਤੋ ਪਹਿਲਾ ਹੈ। ਇਹ ਸਾਰਾ ਸਤਲੁਜ ਤੇ ਬਿਆਸ ਦਾ ਪਾਣੀ ਹੈ, 75 ਲੱਖ ਏਕੜ ਫੁੱਟ ਤੋ ਵੀ ਜਿਆਦਾ ਹੈ। ਜਿਸ ਨੂੰ ਗੋਬਿੰਦ ਸਾਗਰ ਵਿਚ ਰੋਕਿਆ ਭਾਖੜਾ ਡੈਮ ਦੇ ਨਾਲ। ਸਾਰਾ ਪਾਣੀ ਭਾਖੜਾ ਡੈਮ ਚੋ ਲੰਘ ਕੇ ਫ਼ਿਰ 13 ਕਿਲੋਮੀਟਰ ਤੱਕ ਬੰਦ ਹੋ ਜਾਦਾ ਅਤੇ ਨੰਗਲ ਡੈਮ ਤੋਂ ਫੇਰ ਇਹ ਪਾਣੀ ਪੱਕੀਆਂ ਨਹਿਰਾਂ ਰਾਹੀਂ ਪੰਜਾਬ ਤੋਂ ਬਾਹਰ ਜਾਦਾ ਹੈ। ਇਹ ਜਿਹੜੀ ਭਾਖੜਾ ਮੇਨ ਲਾਈਨ ਹੈ, 1954 ਦੀ ਨਿਕਲੀ ਹੋਈ ਇਸਦੇ ਰਾਹੀ ਦਿੱਲੀ, ਹਰਿਆਣਾ ਤੇ ਰਾਜਸਥਾਨ ਤੱਕ ਪਾਣੀ ਜਾਦਾ ਹੈ। ਸਤਲੁਜ ਤਾਂ ਨਾਮ ਦਾ ਹੀ ਦਰਿਆ, ਇਸ ਵਿਚ ਤਾਂ ਪਾਣੀ ਉਦੋਂ ਆਉਂਦਾ ਹੈ, ਜਦੋ ਹੜ੍ਹ ਆਉਣੇ ਹੋਣ ਜਾਂ ਜਦੋਂ ਭਾਖੜਾ ਜਵਾਬ ਦਿੰਦਾ ਹੈ।

29 ਜਨਵਰੀ 1955 ਨੂੰ ਇਕ ਹੋਰ ਐਗਰੀਮੈਂਟ ਹੋਇਆ।ਰਾਵੀ ਬਿਆਸ ਐਗਰੀਮੈਂਟ ਸਾਈਨ ਹੋਇਆ ਆਪ ਹੀ ਲਿਖਣਾ ਕਿਹੜੇ ਕਿਸ ਦੀ ਸਹਿਮਤੀ ਜਰੂਰੀ।ਉਸੇ ਐਗਰੀਮੈਂਟ ਰਾਹੀਂ ਰਾਵੀ ਦਰਿਆ ਦੇ ਪਾਣੀ ਨੂੰ ਪਠਾਨਕੋਟ ਦੇ ਫਾਰਮ ਮਾਧੋਪੁਰ ਹੈਡ ਵਰਕਸ ਜਿਹੜਾ 1902 ਵਿੱਚ ਬਣਾਇਆ ਗਿਆ ਸੀ ਬ੍ਰਿਟਿਸ਼ ਦੁਆਰਾ ਪੰਜਾਬ ਦੇ ਮਾਝਾ ਖੇਤਰ ਨੂੰ ਪਾਣੀ ਦੇਣ ਲਈ ਉੱਥੋ ਰਵੀ ਬਿਆਸ ਲਿੰਕ ਨਹਿਰ ਪੱਟੀ, ਜਿਸ ਰਾਹੀਂ ਰਾਵੀ ਦਰਿਆ ਦੇ ਪਾਣੀ ਨੂੰ ਬਿਆਸ ਦਰਿਆ ਵਿਚ ਪਾਇਆ ਗਿਆ, ਨਾਲ ਉੱਧਰ ਫਿਰੋਜ਼ਪੁਰ ਹੈਡ ਵਰਕਸ ਤੋ ਥੋੜ੍ਹਾ ਜਿਹਾ ਉੱਪਰ ਹਰੀਕੇਪੱਤਨ ਜਿੱਥੇ ਬਿਆਸ ਤੇ ਸੱਤਲੁਜ ਆਪਸ ਵਿਚ ਮਿਲਦੇ ਨੇ ਨਵਾ ਹੈਡ ਵਰਕਸ ਬਣਾ ਲਿਆ, ਹੁਣ ਹਰੀਕੇ ਤੇ ਰਾਵੀ ਦਰਿਆ ਦਾ ਪਾਣੀ, ਬਿਆਸ ਦਾ ਪਾਣੀ ਅਤੇ ਸੱਤਲੁਜ ਦਾ ਬਚਦਾ ਪਾਣੀ ਸਾਰੇ ਰੋਕ ਲਿਆ।

ਜਿਹੜਾ ਫਿਰੋਜ਼ਪੁਰ ਹੈਡ ਵਰਕਸ ਸੀ, ਚੜਦੇ ਤੇ ਲਹਿੰਦੇ ਪੰਜਾਬ ਵਾਸਤੇ ਨਹਿਰਾਂ ਨਿਕਲੀਆਂ ਸੀ। ਅੰਗਰੇਜ਼ੀ ਸਾਮਰਾਜ ਸਮੇਂ ਦੀਆਂ ਉਹਨਾਂ ਲਈ ਬਚਿਆ ਕੁਝ ਵੀ ਨਹੀਂ। ਪਰ ਹਰੀਕੇ ਤੋ ਦੋ ਪੱਕੀਆਂ ਨਹਿਰਾਂ ਕੱਢੀਆਂ ਗਈਆਂ ਰਾਜਸਥਾਨ ਦੇ ਲਈ ਇਕ ਤਾਂ 1953 ਚ ਬੀਕਾਨੇਰ ਫੀਡਰ ਬਣਾਇਆ ਗਿਆ ਅਤੇ ਦੂਜੀ ਇੰਦਰਾ ਗਾਂਧੀ ਨਹਿਰ ਜਿਸਨੂੰ ਰਾਜਸਥਾਨ ਫੀਡਰ ਕਹਿੰਦੇ ਹਨ, 1961 ਵਿਚ ਨਿਕਲੀ ਹੈ। ਜਿਹੜੀ ਜੈਸਲਮੇਰ ਤੱਕ ਜਾਦੀ ਹੈ, ਪੰਜਾਬ ਦਾ ਪਾਣੀ ਲੈ ਕੇ।

ਜਦੋ ਭਾਰਤ ਸਰਕਾਰ ਨੇ ਰਾਜਸਥਾਨ ਦੇ ਥਾਰ ਮਾਰੂਥਲ ਦੀ ਸਿੰਚਾਈ ਲਈ ਹਰੀਕੇ ਤੋ ਦੋ ਪੱਕੀਆਂ ਨਹਿਰਾਂ ਕੱਢਣ ਦੀ ਦੀ ਮੰਗ ਵਰਲਡ ਬੈਂਕ ਦੇ ਸਾਹਮਣੇ ਰੱਖੀ ਗਈ ਸੀ। ਉਹਨਾਂ ਨੂੰ ਇਹ ਸੱਕੀ ਤੇ ਇਕਨੋਮਿਕਸ ਸਹੀ ਨਹੀਂ ਲਗਿਆ ਵਰਲਡ ਬੈਂਕ ਤਾਂ ਇਹ ਆਖਦਾ ਸੀ, ਇਹ ਪੰਜਾਬ ਦੀ ਵੀ ਬਰਾਬਦੀ ਹੈ ਤੇ ਪਾਣੀਆਂ ਦੀ ਵੀ, ਵਰਲਡ ਬੈਂਕ ਦੇ ਰੱਦ ਕਰਨ ਦੇ ਬਾਵਜੂਦ ਵੀ ਉਹ ਨਹਿਰਾਂ ਕੱਢੀਆਂ ਗਈਆਂ ਹਨ।

650 ਕਿਲੋਮੀਟਰ ਲੰਬੀ ਦਰਿਆਵਾਂਮਾਨਾ ਇਹ ਨਹਿਰ ਬੀਕਾਨੇਰ ਤੇ ਜੈਸਲਮੇਰ ਦੇ ਮਾਰੂਥਲ ਨੂੰ ਆਬਦ ਕਰਨ ਲਈ ਜਾਦੀ ਹੈ। ਪੰਜਾਬ 7.6 ਮੀਲੀਆਨ ਏਕੜ ਫੁੱਟ ਪਾਣੀ ਲੈ ਕੇ ਲੈਜਾਂ ਰਹੀ ਹੈ। ਪੰਜਾਬੀਅਤ ਨੂੰ ਇਹ ਉਮੀਦ ਨਹੀਂ ਸੀ। ਜਿਹੜੀ ਆਜਾਦੀ ਲਈ ਅਸੀਂ ਕੁਰਬਾਨੀਆਂ ਦੇ ਰਹੇ ਹਾਂ। ਉਹ ਸਾਡੇ ਪਾਣੀ, ਸੱਭਿਆਚਾਰ, ਬੋਲੀ ਨੂੰ ਖਤਮ ਕਰਨ ਦੇ ਕਿਨਾਰੇ ਤੇ ਲਿਆਉਂਦੀ ਗਈ।

ਜਦੋਂ ਲੰਮੇ ਸੰਘਰਸ਼ ਤੋ ਬਾਅਦ ਪੰਜਾਬੀ ਸੂਬਾ ਦੀ ਮੰਗ ਮੰਨ ਲਈ ਸਰਕਾਰ ਨੇ ਉਸ ਤੋ ਪੰਜਾਬ ਦਰਿਆਵਾਂ ਦੇ ਪਾਣੀਆਂ ਨੂੰ ਫਿਰ ਆਪਣੇ ਅਧਿਕਾਰ ਖੇਤਰ ਵਿੱਚ ਰੱਖ ਲਿਆ ਹੈ, ਕੇਂਦਰ ਸਰਕਾਰ ਨੇ। ਸਾਫ ਗੱਲ ਇਹ ਹੈ ਕਿ ਪੰਜਾਬ ਦਿੱਲੀ ਦੀ ਮਨਜ਼ੂਰੀ ਤੋ ਬੈਗਾਰ ਇਕ ਸੂਆ ਨਹੀਂ ਪੱਟ ਸਕਦਾ ਹੈ।ਅੰਤਰਰਾਸ਼ਟਰੀ ਰਿਪੇਰੀਅਨ ਕਾਨੂੰਨ ਸਮਝ ਤੋਂ ਬਾਹਰ ਸੀ

ਪੰਜਾਬ ਦੇ ਕੁੱਲ ਪਾਣੀਆਂ ਦਾ 75.5% ਤੋ ਵੀ ਵੱਧ ਹਿੱਸਾ, ਕੇਦਰ ਸਰਕਾਰ ਪੰਜਾਬ ਤੋ ਖੋਹ ਕੇ ਬਾਕੀਆਂ ਸਟੇਟਾਂ ਦੇ ਹਵਾਲੇ ਕਰ ਦਿੱਤਾ ਹੈ, ਉਹ ਵੀ ਮੁਫਤ। ਪੰਜਾਬ ਦੇ ਕੁੱਲ 17 ਫੁੱਟ 17 ਮੀਲੀਆਨ ਏਕੜ ਫੁੱਟ ਪਾਣੀ ਵਿੱਚੋ ਪੰਜਾਬ ਲਈ ਬਚਿਆ ਸਿਰਫ 4.22 ਮੀਲੀਆਨ ਏਕੜ ਫੁੱਟ ਪਾਣੀ ਹੈ ਮਤਲਬ ਚੋਥੇ ਹਿੱਸਾ ਤੋ ਵੀ ਘੱਟ।

ਕੋਈ ਸਮਝੌਤਾ ਨਹੀਂ ਸੀ, ਕੋਈ ਸਹਿਮਤੀ ਨਹੀਂ ਪੰਜਾਬ ਦੀ ਬਸ ਇੰਦਰਾ ਗਾਂਧੀ ਨੇ ਫਰਮਾਨ ਜਾਰੀ ਕਰ ਦਿੱਤਾ ਸੀ। ਉਸ ਸਮੇਂ ਪੰਜਾਬ ਦਾ ਮੁੱਖ ਮੰਤਰੀ ਗਿਆਨੀ ਜੈਲ ਸਿੰਘ ਸੀ, ਜਦੋ 24 ਮਾਰਚ 1974 ਨੂੰ ਭਾਰਤ ਦੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਨੇ ਪੰਜਾਬ ਦਾ 75% ਤੋ ਵੀ ਜਿਆਦਾ ਪਾਣੀ ਲੁੱਟ ਲਿਆ।ਪੰਜਾਬ ਨੂੰ ਬਰਬਾਦ ਕਰਤਾ।

ਪੰਜਾਬ ਆਪਣੀਆਂ ਫਸਲਾਂ ਦੀਆਂ ਜਰੂਰਤ ਨੂੰ ਪੂਰਾ ਕਰਨ ਲਈ ਧਰਤੀ ਹੇਠਲੇ ਪਾਣੀ ਕੱਢਣਾ ਸ਼ੁਰੂ ਕਰ ਦਿੱਤਾ। ਤੇ ਹੋਰਨਾਂ ਸੂਬਿਆਂ ਨੂੰ ਪਾਣੀ ਆਪਣਾ ਫਰੀ ਦੇ ਰਿਹਾ ਹੈ, ਆਪ ਮੰਗਤਾ ਹੋ ਗਿਆ । ਪੰਜਾਬ ਨੂੰ ਇਸ ਸਮੇ 79 ਮੀਲੀਆਨ ਏਕੜ ਫੁੱਟ ਪਾਣੀ ਦੀ ਜਰੂਰਤ ਹੈ। ਜਿਸ ਵਿਚ 54 ਮੀਲੀਆਨ ਏਕੜ ਫੁੱਟ ਪਾਣੀ ਸਾਡੇ ਖੇਤੀਬਾੜੀ ਕਰਨ ਲਈ, 10 ਮੀਲੀਆਨ ਏਕੜ ਫੁੱਟ ਸ਼ਹਿਰ ਦੀਆਂ ਲੋੜਾਂ ਪੂਰੀਆਂ ਕਰਨ ਲਈ ਅਤੇ 5 ਮੀਲੀਆਨ ਏਕੜ ਫੁੱਟ ਸਾਡੇ ਕਾਰੋਬਾਰ ਕਰਨ ਲਈ। ਇੱਕ ਮੀਲੀਆਨ ਫੁੱਟ ਪਾਣੀ ਦਾ ਭਾਵ ਇਹ ਹੈ 10 ਲੱਖ ਏਕੜ ਵਿਚ ਇੱਕ ਮੀਲੀਆਨ ਪਾਣੀ ਭਰਿਆ ਹੋਵੇ। ਜੇ ਪੰਜਾਬ ਦੇ ਕੁੱਲ ਦਰਿਆਵਾਂ ਦੇ ਪਾਣੀ ਦਾ ਹਿਸਾਬ ਲਾਈਏ ਤਾਂ ਉਸ ਦੇ ਹਿਸਾਬ ਨਾਲ ਸਾਡਾ ਅੱਧਾ ਪਾਣੀ ਵੀ ਪੂਰਾ ਵੀ ਨਹੀਂ ਹੁੰਦਾ, ਜਿੰਨੀ ਸਾਡੀ ਇਕ ਸਾਲ ਦੀ ਜਰੂਰਤ ਹੈ।

ਹੁਣ ਇਹ ਦੇਖ ਲਓ ਜਿਹੜੇ ਕਿਸਾਨਾ ਨੂੰ ਨਹਿਰੀ ਪਾਣੀ ਮਿਲਦਾ, ਉਹ ਉਸਦਾ ਖਰਚਾ ਦਿੰਦਾ ਹੈ। ਜਿਹੜਾ ਪੰਜਾਬ ਦਾ ਆਪਣਾ ਪਾਣੀ ਬਾਹਰਲੇ ਸੂਬਿਆਂ ਨੂੰ ਜਾਂ ਰਿਹਾ ਹੈ, ਉਹ ਮੁਫ਼ਤ ਜਾ ਰਿਹਾ ਹੈ। ਉਹ ਵੀ ਉਸ ਸਮੇ ਜਦੋ ਪੰਜਾਬ ਬੂੰਦ-ਬੂੰਦ ਲਈ ਤਰਸ ਰਿਹਾ ਹੈ।

ਇੰਦਰਾ ਗਾਂਧੀ ਦੇ ਇਸ ਧਕੇ ਨਾਲ ਤਾਂ, ਸ੍ਰੀ ਅਨੰਦਪੁਰ ਸਾਹਿਬ ਦੇ ਮਤੇ ਦਾ ਜਨਮ ਹੁੰਦਾ ਹੈ। ਇਕ ਪਾਸੇ ਤਾਂ ਪੰਜਾਬ ਦਾ ਪਾਣੀ ਬਾਹਰਲੇ ਸੂਬਿਆਂ ਨੂੰ ਜਾ ਰਿਹਾ ਹੈ, ਦੂਜੇ ਪਾਸੇ ਪੰਜਾਬ ਦਾ ਕਿਸਾਨ ਧਰਤੀ ਹੇਠਲੇ ਪਾਣੀ ਮੋਟਰਾਂ ਰਾਂਹੀ ਅਤੇ ਸਮਰਸੀਬਲ ਨਾਲ ਕੱਢਣ ਲਈ ਮਜਬੂਰ ਹੈ ।ਅੱਜ ਦੇ ਸਮੇਂ ਪੰਜਾਬ ਵਿਚ 15 ਤੋ 20 ਲੱਖ ਟਿਊਬਵੈੱਲ ਹਨ। ਦੁਨੀਆ ਵਿੱਚ ਬਹੁਤ ਘੱਟ ਪੰਜਾਬ ਵਰਗੇ ਖੇਤਰ ਹਨ, ਜਿਨ੍ਹਾਂ ਦੇ ਹੇਠਾਂ ਕੁਦਰਤ ਨੇ ਪਾਣੀ ਦਿੱਤਾ ਹੈ। ਇਨ੍ਹਾਂ ਸੋਮਿਆਂ ਨੂੰ ਦਹਾਕਿਆਂ ਜਾ ਸਦੀਆਂ ਪਹਿਲਾਂ ਨਹੀਂ ਹੋਈ, ਸਗੋਂ ਯੁੱਗਾਂ ਵਿਚ ਹੋਈ ਹੈ। ਧਰਤੀ ਹੇਠਲੇ ਪਾਣੀ ਦਾ ਪਹਿਲਾ ਪਤਨ, 20-25 ਫੁੱਟ ਡੂੰਘੀ ਰੇਤ ਵਿਚ ਮੌਜੂਦ ਸੀ, ਜਿਸ ਦੀ ਵਰਤੋਂ ਖੂਹਾਂ ਤੇ ਹੱਥ ਵਾਲੇ ਨਲਕਿਆਂ ਨਾਲ ਕੀਤੀ ਜਾਂਦੀ ਰਹੀ ਹੈ। ਪੰਜਾਬ ਦੀ ਧਰਤੀ ਦੀ ਪਾਣੀ ਦੀ ਪਹਿਲੀ ਪਰਤ ਤਾਂ ਬਹੁਤ ਸਮੇ ਪਹਿਲਾਂ ਖਤਮ ਹੋ ਗਈ ਹੈ। ਜੇ ਅਸੀਂ ਨਹੀ ਸਮਝੇ ਤਾਂ ਪੰਜਾਬ ਵਿੱਚ ਪਾਣੀ ਖਤਮ ਹੋ ਜਾਵੇਗਾ। ਧੰਨਵਾਦ।

**-ਲਵਪ੍ਰੀਤ ਸਿੰਘ**

**ਪੱਤਰਕਾਰੀ ਅਤੇ ਜਨ ਸੰਚਾਰ ਵਿਭਾਗ ਪੰਜਾਬੀ ਯੂਨੀਵਰਸਿਟੀ**

**ਮੋਬਾਇਲ ਨੰਬਰ 7087785589**

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਸਰਕਾਰੀ ਪ੍ਰਾਇਮਰੀ ਸਕੂਲ ਜਗਾ ਰਾਮ ਤੀਰਥ ਦੀ ਵਿਦਿਆਰਥਣ ਸੁਖਮਨਜੋਤ ਕੌਰ ਦੀ ਨਵੋਦਿਆ ਵਿਦਿਆਲਿਆ ਵਿੱਚ ਦਾਖਲੇ ਲਈ ਹੋਈ ਚੋਣ



**ਤਲਵੰਡੀ ਸਾਬੋ, 20 ਅਗਸਤ (ਗੁਰਜੰਟ ਸਿੰਘ ਨਥੇਹਾ)**- ਤਲਵੰਡੀ ਸਾਬੋ ਦੇ ਨੇੜਲੇ ਪਿੰਡ ਜਗਾ ਰਾਮ ਤੀਰਥ ਤੇ ਪ੍ਰਾਇਮਰੀ ਸਕੂਲ, ਜਿੱਥੇ ਸ੍ਰ. ਪਰਮਜੀਤ ਸਿੰਘ ਸੈਂਟਰ ਹੈੱਡ ਟੀਚਰ ਵਜੋਂ ਸੇਵਾਵਾਂ ਨਿਭਾ ਰਹੇ ਹਨ। ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਸ੍ਰ. ਪਰਮਜੀਤ ਸਿੰਘ ਨੇ ਦੱਸਿਆ ਕਿ ਸਰਕਾਰੀ ਪ੍ਰਾਇਮਰੀ ਸਕੂਲ ਜਗਾ ਰਾਮ ਤੀਰਥ ਦੀ ਵਿਦਿਆਰਥਨ ਸੁਖਮਨਜੋਤ ਕੌਰ ਜੋ ਪੰਜਵੀਂ ਜਮਾਤ ਵਿੱਚ ਪੜ੍ਹਦੀ ਸੀ ਉਹਨਾਂ ਦੀ ਚੋਣ ਨਵੋਦਿਆ ਵਿਦਿਆਲਿਆ ਵਿੱਚ ਛੇਵੀਂ ਜਮਾਤ ਵਿੱਚ ਹੋ ਗਈ ਹੈ। ਉਨਾਂ ਖੁਸ਼ੀ ਜ਼ਾਹਰ ਕਰਦੇ ਹੋਏ ਦੱਸਿਆ ਕਿ ਸੁਖਮਨਜੋਤ ਕੌਰ ਬਹੁਤ ਹੀ ਹੋਣਹਾਰ ਤੇ ਬੁੱਧੀਮਾਨ ਵਿਦਿਆਰਥਣ ਹੈ।ਉਹਨਾਂ ਕਿਹਾ ਕਿ ਸਕੂਲ ਵਿੱਚ ਨਵੋਦਿਆ ਵਿਦਿਆਲਿਆ ਦੇ ਟੈਸਟ ਦੀ ਤਿਆਰੀ ਅਤੇ ਖੇਡਾਂ ਦੀ ਲਗਾਤਾਰ ਤਿਆਰੀ ਕਰਵਾਈ ਜਾਂਦੀ ਹੈ। ਖੇਡਾਂ ਵਿੱਚ ਵੀ ਇਸ ਸਕੂਲ ਦੇ ਵਿਦਿਆਰਥੀ ਹਰ ਸਾਲ ਵੱਖ-ਵੱਖ ਖੇਡਾਂ ਵਿੱਚ ਸਟੇਟ ਪੱਧਰ ਤੱਕ ਖੇਡ ਕੇ ਆਉਂਦੇ ਹਨ।ਜਾਣਕਾਰੀ ਦੇਣ ਸਮੇਂ ਮੈਡਮ ਰਤਨਦੀਪ ਕੌਰ, ਰਾਣੀ ਕੌਰ, ਗਗਨਦੀਪ ਕੌਰ, ਵੀਰਪਾਲ ਕੌਰ, ਹਰਮੀਤ ਕੌਰ, ਪਿੰਦਰ ਕੌਰ, ਜਗਤਾਰ ਸਿੰਘ, ਭੋਲਾ ਰਾਮ, ਅਜੈਬ ਸਿੰਘ, ਵਿਨੋਦ ਕੁਮਾਰ, ਗੁਰਸੰਗੀਤ ਸਿੰਘ ਵੀ ਹਾਜ਼ਰ ਸਨ।

## ਪੰਜਾਬ ਸਰਕਾਰ ਨੇ ਊਰਜਾ ਦੇ ਖੇਤਰ ਵਿੱਚ ਵੱਡੀਆਂ ਮੱਲਾਂ ਮਾਰੀਆਂ - ਜਗਰੂਪ ਸਿੰਘ ਸੇਖਵਾਂ

**☛ 300 ਯੂਨਿਟ ਮੁਫ਼ਤ ਬਿਜਲੀ ਸਹੂਲਤ ਨਾਲ 90 ਫ਼ੀਸਦੀ ਤੋਂ ਵੱਧ ਘਰਾਂ ਦਾ ਬਿਜਲੀ ਬਿੱਲ ਜ਼ੀਰੋ ਆ ਰਿਹਾ - ਜਗਰੂਪ ਸਿੰਘ ਸੇਖਵਾਂ ☛ ਰਾਜ ਸਰਕਾਰ ਵੱਲੋਂ ਕਿਸਾਨਾਂ ਨੂੰ ਖੇਤਾਂ ਲਈ ਦਿੱਤੀ ਜਾ ਰਹੀ ਹੈ ਮੁਫ਼ਤ ਬਿਜਲੀ ਦੀ ਸਹੂਲਤ**

**ਗੁਰਦਾਸਪੁਰ, ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 20 ਅਗਸਤ (ਕੁਲਜੀਤ ਸਿੰਘ ਖੋਖਰ)**-ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਹਰ ਵਰਗ ਦੇ ਘਰੇਲੂ ਖਪਤਕਾਰਾਂ ਨੂੰ 300 ਯੂਨਿਟ ਪ੍ਰਤੀ ਮਹੀਨਾ ਮੁਫ਼ਤ ਬਿਜਲੀ ਦਿੱਤੀ ਜਾ ਰਹੀ ਹੈ, ਜਿਸ ਸਦਕਾ 90 ਫ਼ੀਸਦੀ ਤੋਂ ਵੱਧ ਘਰਾਂ ਦਾ ਬਿਜਲੀ ਬਿੱਲ ਜ਼ੀਰੋ ਆ ਰਿਹਾ ਹੈ। ਇਹ ਪ੍ਰਗਟਾਵਾ ਕਰਦਿਆਂ ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਸ. ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਮਾਨ ਸਰਕਾਰ ਨੇ ਚੋਣਾਂ ਦੌਰਾਨ ਲੋਕਾਂ ਨਾਲ ਜੋ ਵਾਅਦੇ ਕੀਤੇ ਸਨ ਉਨ੍ਹਾਂ ਨੂੰ ਪੂਰਾ ਕੀਤਾ ਜਾ ਰਿਹਾ ਹੈ।



ਸੂਬਾ ਸਰਕਾਰ ਵੱਲੋਂ ਊਰਜਾ ਦੇ ਖੇਤਰ ਵਿੱਚ ਹਾਸਲ ਕੀਤੀਆਂ ਪ੍ਰਾਪਤੀਆਂ ਬਾਰੇ ਗੱਲ ਕਰਦਿਆਂ ਚੇਅਰਮੈਨ ਸ. ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਨੇ 1080 ਕਰੋੜ ਰੁਪਏ ਦੀ ਲਾਗਤ ਨਾਲ ਪ੍ਰਾਈਵੇਟ ਕੰਪਨੀ ਜੀ.ਵੀ.ਕੇ. ਪਾਵਰ ਦੀ ਮਾਲਕੀ ਵਾਲਾ ਗੋਇੰਦਵਾਲ ਪਾਵਰ ਪਲਾਂਟ ਖ਼ਰੀਦ ਕੇ ਇਤਿਹਾਸ ਸਿਰਜਿਆ ਹੈ। ਇਸ ਪਲਾਂਟ ਦਾ ਨਾਮ ਤੀਜੇ ਪਾਤਿਸ਼ਾਹ ਦੇ ਨਾਮ ਉੱਤੇ ਸ੍ਰੀ ਗੁਰੂ ਅਮਰਦਾਸ ਥਰਮਲ ਪਾਵਰ ਪਲਾਂਟ ਰੱਖਿਆ ਗਿਆ ਹੈ। ਇਸ ਪਲਾਂਟ ਦੇ ਰਿਕਾਰਡ ਲੋਡ ਫੈਕਟਰ 'ਤੇ ਚੱਲਣ ਅਤੇ ਪਛਵਾੜਾ ਕੋਲਾ ਖਾਣ ਤੋਂ ਇਸ ਲਈ ਸਸਤਾ ਕੋਲਾ ਮਿਲਣ ਸਦਕਾ ਸਸਤੀਆਂ ਦਰਾਂ 'ਤੇ ਬਿਜਲੀ ਉਤਪਾਦਨ ਕਰਨ ਵਿੱਚ ਕਾਮਯਾਬੀ ਮਿਲੀ ਹੈ। ਚੇਅਰਮੈਨ ਸ. ਸੇਖਵਾਂ ਨੇ ਕਿਹਾ ਕਿ ਰਾਜ ਸਰਕਾਰ ਵੱਲੋਂ ਕਿਸਾਨਾਂ ਨੂੰ ਖੇਤਾਂ ਲਈ ਮੁਫ਼ਤ ਬਿਜਲੀ ਦੀ ਸਹੂਲਤ ਦਿੱਤੀ ਜਾ ਰਹੀ ਹੈ ਅਤੇ ਸਾਲ 2024-25 ਦੌਰਾਨ ਮੁਫ਼ਤ ਬਿਜਲੀ ਦੀ ਸਹੂਲਤ ਲਈ ਕੁੱਲ 9330 ਕਰੋੜ ਰੁਪਏ ਦਾ ਉਪਬੰਧ ਕੀਤਾ ਗਿਆ ਹੈ। ਪੰਜਾਬ ਸਰਕਾਰ ਵੱਲੋਂ ਸਾਉਣੀ ਸੀਜ਼ਨ ਦੌਰਾਨ ਝੋਨੇ ਦੀ ਨਿਰਵਿਘਨ ਲਵਾਈ/ਬਿਜਾਈ ਲਈ ਬਿਜਲੀ ਦੀ ਨਿਰੰਤਰ ਸਪਲਾਈ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਝੋਨੇ ਦੇ ਸੀਜ਼ਨ ਦੌਰਾਨ ਘਰੇਲੂ, ਵਪਾਰਕ, ਉਦਯੋਗਿਕ ਅਤੇ ਹੋਰ ਖਪਤਕਾਰਾਂ 'ਤੇ ਬਿਜਲੀ ਕੱਟ ਲਗਾਏ ਬਿਨਾਂ ਖੇਤੀਬਾੜੀ ਖਪਤਕਾਰਾਂ ਨੂੰ 8 ਘੰਟੇ ਤੋਂ ਵੱਧ ਬਿਜਲੀ ਸਪਲਾਈ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੀ.ਐੱਸ.ਪੀ.ਸੀ.ਐਲ. ਨੇ 21 ਜੁਲਾਈ ਨੂੰ 3666 ਲੱਖ ਯੂਨਿਟ ਦੀ ਹੁਣ ਤੱਕ ਦੀ ਬਿਜਲੀ ਦੀ ਸਭ ਤੋਂ ਉੱਚੀ ਮੰਗ ਨੂੰ ਸਫਲਤਾਪੂਰਵਕ ਪੂਰਾ ਕੀਤਾ ਹੈ। ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਸ. ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਦੁਆਰਾ ਬਿਜਲੀ ਸਬਸਿਡੀ ਦੀ ਅਦਾਇਗੀ ਨਾਲੋ-ਨਾਲ ਕੀਤੀ ਜਾ ਰਹੀ ਹੈ। ਵਿੱਤੀ ਵਰ੍ਹੇ 2023-24 ਲਈ ਪੰਜਾਬ ਸਰਕਾਰ ਦੁਆਰਾ ਪੀ.ਐੱਸ.ਪੀ.ਸੀ.ਐਲ. ਨੂੰ 18276.74 ਕਰੋੜ ਰੁਪਏ ਦੀ ਸਬਸਿਡੀ ਦਾ ਭੁਗਤਾਨ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਵਿੱਤੀ ਸਾਲ 2024-25 ਦੌਰਾਨ ਹੁਣ ਤੱਕ 5829 ਕਰੋੜ ਰੁਪਏ ਦੀ ਸਬਸਿਡੀ ਦਾ ਭੁਗਤਾਨ ਕੀਤਾ ਗਿਆ ਹੈ।

## ਜ਼ਿਲ੍ਹੇ ਦੇ ਸਮੂਹ ਖਪਤਕਾਰਾਂ ਆਪਣੇ ਨੇੜੇ ਦੇ ਰਾਸ਼ਨ ਡੀਪੂ ਕੋਲੋਂ ਸਮੂਹ ਪਰਿਵਾਰ ਦੇ ਮੈਂਬਰਾਂ ਦੀ 100 ਫ਼ੀਸਦੀ ਈ-ਕੇ.ਵਾਈ.ਸੀ. ਕਰਵਾਉਣੀ ਯਕੀਨੀ ਬਣਾਉਣ - ਡੀ.ਐੱਫ.ਐੱਸ.ਸੀ.

**ਗੁਰਦਾਸਪੁਰ, ਸ੍ਰੀ ਹਰਗੋਬਿੰਦਪੁਰ ਸਾਹਿਬ ਜੀ 20 ਅਗਸਤ ਕੁਲਜੀਤ ਸਿੰਘ ਖੋਖਰ**-ਜ਼ਿਲ੍ਹਾ ਖ਼ੁਰਾਕ ਸਪਲਾਈ ਅਤੇ ਕੰਟਰੋਲਰ ਅਫ਼ਸਰ ਗੁਰਦਾਸਪੁਰ ਸ੍ਰੀ ਸੁਖਜਿੰਦਰ ਸਿੰਘ ਨੇ ਦੱਸਿਆ ਹੈ ਕਿ ਮਾਨਯੋਗ ਸੁਪਰੀਮ ਕੋਰਟ ਪਾਸੋਂ ਹਦਾਇਤਾਂ ਪ੍ਰਾਪਤ ਹੋਈਆਂ ਹਨ ਕਿ ਰਾਜ ਵਿੱਚ ਮੌਜੂਦਾ ਖਪਤਕਾਰਾਂ ਦੀ 100 ਫ਼ੀਸਦੀ ਈ-ਕੇ.ਵਾਈ.ਸੀ. ਕੀਤੀ ਜਾਣੀ ਹੈ। ਇਸ ਸਬੰਧ ਵਿੱਚ ਉਨ੍ਹਾਂ ਨੇ ਜ਼ਿਲ੍ਹਾ ਗੁਰਦਾਸਪੁਰ ਦੇ ਸਮੂਹ ਖਪਤਕਾਰਾਂ ਨੂੰ ਦੱਸਿਆ ਹੈ ਕਿ ਉਹ ਆਪਣੇ ਨੇੜੇ ਦੇ ਰਾਸ਼ਨ ਡੀਪੂ ਪਾਸ ਜਾ ਕੇ ਸਮੂਹ ਪਰਿਵਾਰ ਦੇ ਮੈਂਬਰਾਂ ਦੀ 100 ਫ਼ੀਸਦੀ ਈ-ਕੇ.ਵਾਈ.ਸੀ. ਕਰਵਾਉਣੀ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਇਹ ਕੰਮ ਵਿਭਾਗ ਵੱਲੋਂ ਮੁਫ਼ਤ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਕੰਮ ਲਈ ਜੇਕਰ ਕੋਈ ਵੀ ਵਿਅਕਤੀ ਪੈਸੇ ਦੀ ਮੰਗ ਕਰਦਾ ਹੈ ਤਾਂ ਇਸ ਸਬੰਧੀ ਤੁਰੰਤ ਜ਼ਿਲ੍ਹਾ ਕੰਟਰੋਲਰ ਖ਼ੁਰਾਕ, ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ, ਗੁਰਦਾਸਪੁਰ ਦੇ ਧਿਆਨ ਵਿੱਚ ਲਿਆਂਦਾ ਜਾਵੇ।



### ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ

# ਓਰੀਐਂਨਟੇਸ਼ਨ ਪ੍ਰੋਗਰਾਮ ‘ਦੀਕਸ਼ਾਰੰਭ’ ਦਾ ਸ਼ਾਨਦਾਰ ਆਗਾਜ਼



**ਤਲਵੰਡੀ ਸਾਬੋ, 20 ਅਗਸਤ (ਗੁਰਜੰਟ ਸਿੰਘ ਨਥੇਹਾ)**- ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਪ੍ਰਬੰਧਨ, ਅਕਾਦਮਿਕ ਨਿਯਮਾਂ, ਸਹੂਲਤਾਂ ਅਤੇ ਪ੍ਰਕਿਰਿਆਵਾਂ ਨਾਲ ਵਿਦਿਆਰਥੀਆਂ ਦਾ ਰਾਬਤਾ ਕਰਾਉਣ ਦੇ ਮੰਤਵ ਨਾਲ ਉਪ-ਕੁਲਪਤੀ ਪ੍ਰੋ.(ਡਾ.) ਐਸ.ਕੇ.ਬਾਵਾ ਦੀ ਰਹਿਨੁਮਾਈ ਹੇਠ ਓਰੀਐਂਨਟੇਸ਼ਨ ਪ੍ਰੋਗਰਾਮ “ਦੀਕਸ਼ਾਰੰਭ” ਦਾ ਆਗਾਜ਼ ਮੁੱਖ ਮਹਿਮਾਨ ਡਾ. ਪੀਯੂਸ਼ ਵਰਮਾ, ਰਜਿਸਟਰਾਰ ਵੱਲੋਂ ਕੀਤਾ ਗਿਆ। ਇਸ ਮੌਕੇ ਡਾਇਰੈਕਟਰ ਸਪੋਰਟਸ, ਡਿਪਟੀ ਡਾਇਰੈਕਟਰ ਆਈ.ਟੀ., ਫੈਕਲਟੀ ਆਫ਼ ਆਰਟਸ ਐਂਡ ਸੋਸ਼ਲ ਸਾਇੰਸਜ਼, ਫੈਕਲਟੀ ਆਫ਼ ਕੰਪਿਊਟਿੰਗ, ਫੈਕਲਟੀ ਆਫ਼ ਇੰਜੀਨਿਅਰਿੰਗ ਐਂਡ ਟੈਕਨਾਲੋਜੀ, ਫੈਕਲਟੀ ਆਫ਼ ਸਾਇੰਸਜ਼, ਫੈਕਲਟੀ ਆਫ਼ ਹਿਊਮੈਨਟੀਜ਼ ਐਂਡ ਲੈਂਗੂਏਜ਼ਸ ਦੇ ਡੀਨ ਸਾਹਿਬਾਨ ਅਤੇ ਐਡੀਸ਼ਨਲ ਕੰਟਰੋਲਰ ਪ੍ਰੀਖਿਆਵਾਂ ਵੱਲੋਂ ਪੀ.ਪੀ.ਟੀ. ਰਾਹੀਂ ਪ੍ਰੈਜ਼ੈਨਟੇਸ਼ਨਜ਼ ਦਿੱਤੀਆਂ ਗਈਆਂ। ਮੁੱਖ ਮਹਿਮਾਨ ਡਾ. ਵਰਮਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਹੁੰਦੇ ਹੋਏ ਕਿਹਾ ਕਿ ਯੂਨੀਵਰਸਿਟੀ ਦਾ ਮੁੱਖ ਮੰਤਵ ਵਿਦਿਆਰਥੀਆਂ ਦਾ ਸਰਵ-ਪੱਖੀ ਵਿਕਾਸ ਅਤੇ ਕਿੱਤਾ ਮੁੱਖੀ ਵਿੱਦਿਆ ਪ੍ਰਦਾਨ ਕਰਨਾ ਹੈ, ਜਿਸ ਰਾਹੀਂ ਉਹ ਚੰਗੇਰੇ ਇਨਸਾਨ ਬਣ ਕੇ ਸਮਾਜ ਵਿੱਚ ਉੱਚਾ ਰੁਤਬਾ ਹਾਸਿਲ ਕਰ ਸਕਣ। ਉਨ੍ਹਾਂ ਵਿਦਿਆਰਥੀਆਂ ਨੂੰ ‘ਵਰਸਿਟੀ ਦੇ ਨਿਯਮਾਂ, ਨੀਤੀਆਂ, ਪ੍ਰਸ਼ਾਸਨਿਕ ਢਾਂਚੇ ਅਤੇ ਵਰਸਿਟੀ ਨਾਲ ਸੰਬੰਧਿਤ ਪ੍ਰਕਿਰਿਆਵਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ‘ਵਰਸਿਟੀ ਸਿੱਖਿਆ ਦੇ ਖੇਤਰ ਵਿੱਚ ਆ ਰਹੇ ਬਦਲਾਵਾਂ, ਬਾਜ਼ਾਰ, ਸਮੇਂ ਅਤੇ ਉਦਯੋਗਾਂ ਦੀ ਲੋੜ ਅਨੁਸਾਰ ਸ਼ੁਰੂ ਕੀਤੇ ਗਏ ਨਵੇ ਪ੍ਰੋਗਰਾਮਾਂ ਆਦਿ ਬਾਰੇ ਜਾਣਕਾਰੀ ਦਿੱਤੀ। ਡਾ. ਪ੍ਰਦੀਪ ਕੌੜਾ, ਡੀਨ ਅਕਾਦਮਿਕ ਨੇ ‘ਵਰਸਿਟੀ ਵੱਲੋਂ ਚਲਾਏ ਜਾ ਰਹੇ ਵੱਖ-ਵੱਖ ਅਕਾਦਮਿਕ ਕੋਰਸਾਂ, ਉਨ੍ਹਾਂ ਸੰਬੰਧਿਤ ਯੋਗਤਾਵਾਂ, ‘ਵਰਸਿਟੀ ਦੇ ਵੱਖ-ਵੱਖ ਵਿਭਾਗਾਂ ਅਤੇ ਦਾਖਲੇ ਸੰਬੰਧੀ ਪ੍ਰਕਿਰਿਆਵਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ‘ਵਰਸਿਟੀ ਵੱਲੋਂ ਨਵੀਂ ਸਿੱਖਿਆ ਨੀਤੀ-2020 ਅਨੁਸਾਰ ਜੀ.ਕੇ.ਯੂ. ਵੱਲੋਂ ਤਿਆਰ ਕੀਤੇ ਸਿਲੇਬਸ ਅਤੇ ਕੋਰਸਾਂ ਸੰਬੰਧੀ ਵੀ ਵਿਚਾਰ ਸਾਂਝੇ ਕੀਤੇ। ਉਨ੍ਹਾਂ ਵਿਦਿਆਰਥੀਆਂ ਨੂੰ ਸਖ਼ਤ ਮਿਹਨਤ ਕਰਕੇ ਆਪਣੀ ਪ੍ਰਤਿਭਾ ਸਮਾਜ ਦੇ ਵਿਕਾਸ ਵਿੱਚ ਲਗਾਉਣ ਦੀ ਅਪੀਲ ਕੀਤੀ। ਉਨ੍ਹਾਂ ਵਿਦਿਆਰਥੀਆਂ ਵੱਲੋਂ ‘ਵਰਸਿਟੀ ਦੇ ਪਲੇਸਮੈਂਟ ਸੈੱਲ ਦੇ ਸਹਿਯੋਗ ਨਾਲ ਵੱਖ-ਵੱਖ ਸਰਕਾਰੀ ਅਤੇ ਗੈਰ-ਸਰਕਾਰੀ ਅਦਾਰਿਆਂ ਵਿੱਚ ਪ੍ਰਾਪਤ ਕੀਤੀਆਂ ਗਈਆਂ ਉੱਚ ਪਦਵੀਆਂ ਬਾਰੇ ਵੀ ਚਾਨਣਾ ਪਾਇਆ। ਡਾ. ਅਸ਼ਵਨੀ ਸੇਠੀ, ਡਾਇਰੈਕਟਰ ਆਈ.ਕਿਉ.ਏ.ਸੀ. ਨੇ ਨਵੇਂ ਸੈਸ਼ਨ ਲਈ ਵਿਦਿਆਰਥੀਆਂ ਨੂੰ ਉਜਵਲ ਭਵਿੱਖ ਦੀਆਂ ਸ਼ੁਭਕਾਮਨਾਵਾਂ ਭੇਂਟ ਕਰਦੇ ਹੋਏ ਕੰਪਿਊਟਰ ਅਤੇ ਨਵੀਂ ਤਕਨੀਕ ਵਿੱਚ ਮਹਾਰਤ ਹਾਸਿਲ ਕਰਨ ਦੀ ਪ੍ਰੇਰਨਾ ਦਿੱਤੀ। ਆਪਣੇ ਧੰਨਵਾਦੀ ਭਾਸ਼ਣ ਵਿੱਚ ਸਰਦੂਲ ਸਿੰਘ ਸਿੱਧੂ, ਨਿਰਦੇਸ਼ਕ ਵਿਦਿਆਰਥੀ ਭਲਾਈ ਨੇ ‘ਵਰਸਿਟੀ ਵੱਲੋਂ ਕਰਵਾਏ ਜਾਂਦੇ ਸੱਭਿਆਚਾਰਕ ਪ੍ਰੋਗਰਾਮਾਂ, ਐਨ.ਐਸ.ਐਸ. , ਐਨ.ਸੀ.ਸੀ. ਦੀਆਂ ਗਤੀਵਿਧੀਆਂ, ਯੁਵਕ ਭਲਾਈ ਮੇਲੇ ਅਤੇ ਵਰਸਿਟੀ ਵੱਲੋਂ ਦਿੱਤੀਆਂ ਜਾਂਦੀਆਂ ਸਹੂਲਤਾਂ ਬਾਰੇ ਚਾਨਣਾ ਪਾਇਆ। ਉਨ੍ਹਾਂ ਵਿਦਿਆਰਥੀਆਂ ਨੂੰ ਮਾਤਾ-ਪਿਤਾ, ਵੱਡਿਆਂ ਦਾ ਸਤਿਕਾਰ ਕਰਨ ਅਤੇ ਆਪਣੇ ਕਰਤੱਵਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ। ਮੰਚ ਸੰਚਾਲਨ ਦੀ ਭੂਮਿਕਾ ਲਵਲੀਨ ਸੱਚਦੇਵਾ ਅਤੇ ਪਿਆਸ਼ਾ ਮੁਖਰਜੀ ਨੇ ਬਾਖੂਬੀ ਨਿਭਾਈ।

### ਮਾਨ ਸਰਕਾਰ ਨੇ ਆਪਣੇ ਢਾਈ ਸਾਲ ਦੇ ਕਾਰਜਕਾਲ ਦੌਰਾਨ 46 ਹ.ਜ਼ਾਰ ਤੋ ਵੱਧ ਨੋਜਵਾਨਾਂ ਨੂੰ ਰੋਜ਼ਗਾਰ ਕਰਵਾਇਆ ਮੁਹੱਈਆ

# ਕੈਬਿਨਟ ਮੰਤਰੀ ਈ. ਟੀ. ਓ ਨੇ ਰੁੱਖ ਲਗਾਉ ਮਨੁੱਖਤਾ ਬਚਾਉ ਦੀ ਮੁਹਿੰਮ ਤਹਿਤ ਲਗਾਏ ਬੂਟੇ

**ਜੰਡਿਆਲਾ ਗੁਰੂ, 20 ਅਗਸਤ ( ਕੁਲਵੰਤ ਸਿੰਘ ਵਿਰਦੀ)**-ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਆਪਣੇ ਢਾਈ ਸਾਲ ਦੇ ਕਾਰਜਕਾਲ ਦੌਰਾਨ 46 ਹ.ਜ਼ਾਰ ਤੋ ਵੱਧ ਨੋਜਵਾਨਾਂ ਨੂੰ ਰੋਜਗਾਰ ਮੁਹੱਈਆ ਕਰਵਾ ਕੇ ਇਕ ਨਵਾਂ ਰਿਕਾਰਡ ਸਥਾਪਤ ਕੀਤਾ ਹੈ। ਇੰਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਸ੍ਰ: ਹਰਭਜਨ ਸਿੰਘ ਈ. ਟੀ. ਓ ਨੇ ਜੰਡਿਆਲਾ ਗੁਰੂ ਵਿਖੇ ਤਰਸ ਦੇ ਆਧਾਰ ਤੇ ਪੀ ਐਸ ਪੀ ਸੀ ਐਲ ਵਿਚ 5 ਬੱਚਿਆਂ ਨੂੰ ਨਿਯੁਕਤੀ ਪੱਤਰ ਜਾਰੀ ਕਰਨ ਸਮੇ ਕੀਤਾ। ਕੈਬਿਨਟ ਮੰਤਰੀ ਸ: ਈ.ਟੀ.ਓ ਨੇ ਕਿਹਾ ਕਿ ਦੇਸ਼ ਵਿਚ ਪਹਿਲੀ ਸਰਕਾਰ ਨੇ ਜਿਸਨੇ ਆਪਣੇ ਕਾਰਜਕਾਲ ਦੇ ਪਹਿਲੇ ਸਾਲ ਤੋ ਹੀ ਨੋਜਵਾਨਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਦੇ ਯਤਨ ਸ਼ੁਰੂ ਕਰ ਦਿੱਤੇ ਸਨ। ਉਨਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਆਪਣੇ ਕਾਰਜਕਾਲ ਦੇ ਅਖੀਰਲੇ ਮਹੀਨਿਆਂ ਵਿਚ ਇਹ ਕੰਮ ਕਰਦੀਆਂ ਸਨ ਪਰ ਸਾਡੀ ਸਰਕਾਰ ਨੇ ਆਪਣੇ ਪਹਿਲੇ ਸਾਲ ਤੋ ਹੀ ਲੋਕਾਂ ਨਾਲ ਜਾ ਗਾਰੰਟੀਆਂ ਕੀਤੀਆਂ ਸਨ ਨੂੰ ਪੂਰਾ ਕਰਨਾ ਸ਼ੁਰੂ ਕਰ ਦਿੱਤਾ ਸੀ। ਉਨਾਂ ਕਿਹਾ ਕਿ ਸਾਡੀ ਸਰਕਾਰ ਦਾ ਮੁੱਖ ਉਦੇਸ਼ ਸਿੱਖਿਆ, ਸਿਹਤ ਅਤੇ ਬੇਰੁਜ਼ਗਾਰ ਨੋਜਵਾਨਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣਾ ਹੈ। ਕੈਬਿਨਟ ਮੰਤਰੀ ਈ.ਟੀ.ਓ ਨੇ ਇਸ ਦੋਰਾਨ ਰੁੱਖ ਲਗਾਉ ਮਨੁੱਖਤਾ ਬਚਾਉ ਦੀ ਮੁਹਿੰਮ ਤਹਿਤ ਮੰਡਲ ਜੰਡਿਆਲਾ ਗੁਰੂ ਦੇ ਕੰਪਲੈਕਸ ਵਿਚ ਬੂਟੇ ਲਗਾਏ ਅਤੇ ਹਾਜ਼ਰ ਜਨਤਾ ਨੂੰ ਵੀ ਵੱਧ ਤੋ ਵੱਧ ਰੁੱਖ ਲਗਾਉਣ ਲਈ ਪ੍ਰੇਰਿਤ ਕੀਤਾ। ਪੀ ਐਸ ਪੀ ਸੀ ਐਲ ਦੇ ਸਟਾਫ ਵੱਲੋ ਲਗਭਗ 100 ਦੇ ਕਰੀਬ ਬੂਟੇ ਲਗਾਏ ਗਏ ਕੈਬਿਨਟ ਮੰਤਰੀ ਈ.ਟੀ.ਓ ਨੇ ਵੱਖ-ਵੱਖ ਪਿੰਡ ਦੇ ਖਪਤਕਾਰਾ ਨੂੰ 26.08 ਲੱਖ ਦੇ ਇਲਾਕੇ ਦੇ ਨਵਾ ਟਰਾਸਫਾਰਮਰਾ ਨੂੰ ਲਗਾਉਣਾ ਲਈ ਪ੍ਰਵਾਨਗੀਆ ਸਬੰਧਤ ਲਾਭਪਾਤਰੀਆ ਨੂੰ ਸੌਪੀਆ। ਇਸ ਮੌਕੇ ਕੈਬਿਨਟ ਮੰਤਰੀ ਦੇ ਨਾਲ ਉਹਨਾ ਦੇ ਮਾਤਾ ਜੀ ਸ੍ਰੀਮਤੀ ਸੁਰਿੰਦਰ ਕੋਰ, ਉਹਨਾ ਦੀ ਧਰਮਪਤਨੀ ਸ੍ਰੀਮਤੀ ਸੁਹਿੰਦਰ ਕੋਰ ਵਿਸ਼ੇਸ ਤੋਰ ਤੇ ਪਹੁੰਚੇ। ਇਸ ਮੋਕੇ ਤੇ ਚੇਅਰਮੈਨ ਸ੍ਰੀ ਗੁਰਵਿੰਦਰ ਸਿੰਘ, ਸ੍ਰੀ ਮਨਜੀਤ ਸਿੰਘ ਬਲਾਕ ਪ੍ਰਧਾਨ, ਸ੍ਰੀ ਸੁਖਵਿੰਦਰ ਸਿੰਘ, ਬਲਾਕ ਪ੍ਰਧਾਨ, ਸ੍ਰੀ ਸਤਿੰਦਰ ਸਿੰਘ, ਸ੍ਰੀ ਪੁਸ਼ਿਪੰਦਰ ਸਿੰਘ ਭੰਗਵਾਂ, ਇੰਜੀ: ਗੁਰਮੁੱਖ ਸਿੰਘ ਵਧੀਕ ਨਿਗਰਾਨ ਇੰਜੀ: ਅਤੇ ਸਮੂਹ ਉਪ ਮੰਡਲ ਅਫਸਰ ਅਤੇ ਪੀ ਐਸ ਪੀ ਸੀ ਐਲ ਦਾ ਸਟਾਫ ਹਾਜਰ ਸੀ।





ਕੈਪਸ਼ਨ: ਕੈਬਨਿਟ ਮੰਤਰੀ ਸ੍ਰ: ਹਰਭਜਨ ਸਿੰਘ ਈ.ਟੀ.ਓ ਜੰਡਿਆਲਾ ਗੁਰੂ ਵਿਖੇ ਤਰਸ ਦੇ ਆਧਾਰ ਤੇ ਪੀ ਐਸ ਪੀ ਸੀ ਐਲ ਵਿਚ 5 ਬੱਚਿਆਂ ਨੂੰ ਨਿਯੁਕਤੀ ਪੱਤਰ ਵੰਡਦੇ ਹੋਏ ਕੈਬਨਿਟ ਮੰਤਰੀ ਸ੍ਰ: ਹਰਭਜਨ ਸਿੰਘ ਈ. ਟੀ. ਓ ਜੰਡਿਆਲਾ ਗੁਰੂ ਵਿਖੇ ਪੋਦੇ ਲਗਾਉਦੇ ਹੋਏ।

# ਸੱਤਵੀਂ ਕਲਾਸ ਦੀ ਪੰਜਾਬੀ ਦੀ ਕਿਤਾਬ ਦੇ ਇਕ ਪਾਠ ਵਿਚੋਂ ਗੁਰਦੁਵਾਰਾ ਸਾਹਿਬ ਸ਼ਬਦ ਕੱਢਣ ’ਤੇ ਇਤਰਾਜ: ਬਾਬਾ ਹਰਦੀਪ ਸਿੰਘ ਮਹਿਰਾਜ



ਨਵੀਂ ਦਿੱਲੀ 20 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਬਾਬਾ ਹਰਦੀਪ ਸਿੰਘ ਮਹਿਰਾਜ, ਪੰਜਾਬੀ ਮਾਂ ਬੋਲੀ ਸਤਿਕਾਰ ਸਭਾ, ਪਿੰਡ ਗੁਰੂਸਰ ਮਹਿਰਾਜ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਨਵੀਂ ਛਾਪ ਦੌਰਾਨ ਸੱਤਵੀ ਜਮਾਤ ਦੀ ‘ਪੰਜਾਬੀ ਪੁਸਤਕ-7’ (ਪਹਿਲੀ ਭਾਸ਼ਾ) ਪਾਠ ਨੰਬਰ ਛੇ ‘ਬਲ਼ਦਾਂ ਵਾਲ਼ਾ ਪਿਆਰਾ ਸਿੰਘ’ ਨਾਮੀ ਪਾਠ ਦੇ ਸ਼ੁਰੂਆਤ ਵਿਚ ਗੁਰਦੁਵਾਰਾ ਸਾਹਿਬ ਦਾ ਵੇਰਵਾ ਇਕ ਸੋਚੀ ਸਮਝੀ ਸਾਜ਼ਿਸ਼ ਤਹਿਤ ਕੱਟ ਦਿੱਤਾ ਗਿਆ। ਹੁਣ ਇਸ ਪਾਠ ਦੀ ਸ਼ੁਰੂਆਤ ਪੰਨਾ ਨੰਬਰ 22 ’ਤੇ ਇਉਂ ਸ਼ੁਰੂ ਹੁੰਦੀ ਹੈ, ਹਰ ਰੋਜ਼ ਚਾਰ ਕੁ ਵਜੇ ਪਿਆਰਾ ਸਿੰਘ ਮੰਜੇ ਤੋਂ ਉਠ ਖੜਦਾ। ਜਦੋਂ ਕਿ ਇਸ ਤੋਂ ਪਿਛਲੀਆਂ ਛਾਪਾਂ ਵਿਚ ਗੁਰਦੁਵਾਰਾ ਸਾਹਿਬ ਤੇ ਅੰਮ੍ਰਿਤ ਵੇਲੇ ਦਾ ਵੇਰਵਾ ਇਉਂ ਸੀ, ਪਿੰਡ ਦੇ ਗੁਰਦੁਵਾਰੇ ਵਿੱਚ ਹਰ ਰੋਜ਼ ਸਵੇਰੇ ਚਾਰ ਵਜੇ ਭਾਈ ਦੀ ਅਵਾਜ਼ ਕੰਨੀਂ ਪੈਂਦਿਆ ਹੀ ਪਿਆਰਾ ਸਿੰਘ ਮੰਜੇ ਤੋਂ ਉੱਠ ਖੜਦਾ। ਜਿਸ ਤੋਂ ਇਹ ਸਾਫ਼ ਹੁੰਦਾ ਹੈ ਕਿ ਇਸ ਮਹਿਕਮੇ ਦੀ ਫ਼ੈਸਲਾ ਲੈਣ ਵਾਲੀ ਅਫ਼ਸਰਸਾਹੀ ਨੂੰ ‘ਗੁਰਦੁਵਾਰਾ’ ਸ਼ਬਦ ਚੁੱਭਦਾ ਹੈ। ਉਨ੍ਹਾਂ ਕਿਹਾ ਕਿ ਇਹ ਸਾਰੀ ਸਾਜ਼ਿਸ਼ ਨੂੰ ਪੰਜਾਬੀ ਕਿਸੇ ਵੀ ਹਾਲਤ ’ਚ ਬਰਦਾਸਤ ਨਹੀਂ ਕਰਨਗੇ, ਇਸ ਕਰਕੇ ਇਸ ਪਾਠ ਨੂੰ ਮੁੜ ਪਹਿਲਾਂ ਵਾਂਗ ਗੁਰਦੁਵਾਰਾ ਸਾਹਿਬ ਦੇ ਜ਼ਿਕਰ ਸਮੇਤ ਛਾਪਿਆ ਜਾਵੇ।

# ਪਿੰਡ ਨਥੇਹਾ ਵਿਖੇ ਸੁਣੀਆਂ ਆਮ ਲੋਕਾਂ ਦੀਆਂ ਨਿੱਜੀ ਤੇ ਸਾਂਝੀਆਂ ਸਮੱਸਿਆਵਾਂ



**ਤਲਵੰਡੀ ਸਾਬੋ, 20 ਅਗਸਤ (ਗੁਰਜੰਟ ਸਿੰਘ ਨਥੇਹਾ)**- ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਦੇ ਆਦੇਸ਼ਾਂ ਤੇ ਡਿਪਟੀ ਕਮਿਸ਼ਨਰ ਸ੍ਰ. ਜਸਪ੍ਰੀਤ ਸਿੰਘ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ “ਆਪ ਦੀ ਸਰਕਾਰ ਆਪ ਦੇ ਦੁਆਰ” ਤਹਿਤ ਵੱਖ-ਵੱਖ ਸਥਾਨਾਂ ’ਤੇ ਆਮ ਲੋਕਾਂ ਦੀਆਂ ਸਮੱਸਿਆਵਾਂ ਦੇ ਹਲ ਲਈ ਲਗਾਏ ਜਾ ਰਹੇ ਸਪੈਸ਼ਲ ਕੈਂਪ ਲਾਹੇਵੰਦ ਸਾਬਿਤ ਹੋ ਰਹੇ ਹਨ। ਇਹ ਜਾਣਕਾਰੀ ਐਸਡੀਐਮ ਤਲਵੰਡੀ ਸਾਬੋ ਸ੍ਰ. ਹਰਜਿੰਦਰ ਸਿੰਘ ਜੱਸਲ ਨੇ ਪਿੰਡ ਨਥੇਹਾ ਵਿਖੇ ਆਮ ਲੋਕਾਂ ਦੀਆਂ ਨਿੱਜੀ ਤੇ ਸਾਂਝੀਆਂ ਸਮੱਸਿਆਵਾਂ ਸੁਣਨ ਦੇ ਮੱਦੇਨਜ਼ਰ ਲਗਾਏ ਗਏ ਸਪੈਸ਼ਲ ਜਨ ਸੁਣਵਾਈ ਕੈਂਪ ਦੌਰਾਨ ਸਾਂਝੀ ਕੀਤੀ। ਇਸ ਮੌਕੇ ਐਸਡੀਐਮ ਸ੍ਰ. ਹਰਜਿੰਦਰ ਸਿੰਘ ਜੱਸਲ ਨੇ ਕਿਹਾ ਕਿ “ਆਪ ਦੀ ਸਰਕਾਰ ਆਪ ਦੇ ਦੁਆਰ” ਮੁਹਿੰਮ ਤਹਿਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਵੱਲੋਂ ਇੱਕੋ ਹੀ ਛੱਤ ਹੇਠਾਂ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਸਿਰਫ਼ ਸੁਣਿਆ ਹੀ ਨਹੀਂ ਜਾਂਦਾ ਸਗੋਂ ਮੌਕੇ ’ਤੇ ਹੀ ਨਿਪਟਾਰਾ ਵੀ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਉਨ੍ਹਾਂ ਦੇ ਦਰਾਂ ਨੇੜੇ ਸਪੈਸ਼ਲ ਕੈਂਪ ਲਗਾ ਕੇ ਉਨ੍ਹਾਂ ਦੀਆਂ ਸਾਂਝੀਆਂ, ਨਿੱਜੀ ਅਤੇ ਜਾਇਜ਼ ਸਮੱਸਿਆਵਾਂ ਦਾ ਮੌਕੇ ’ਤੇ ਹੀ ਨਿਪਟਾਰਾ ਕੀਤਾ ਜਾਂਦਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਕਿਸੇ ਵੀ ਲੋੜਵੰਦ ਲਾਭਪਾਤਰੀ ਨੂੰ ਸਰਕਾਰ ਵਲੋਂ ਮੁਹੱਈਆਂ ਕਰਵਾਈਆਂ ਜਾਣ ਵਾਲੀਆਂ ਵੱਖ-ਵੱਖ ਤਰ੍ਹਾਂ ਦੀਆਂ ਸਹੂਲਤਾਂ ਤੋਂ ਵਾਞਾਂ ਨਹੀਂ ਰਹਿਣ ਦਿੱਤਾ ਜਾਵੇਗਾ। ਕੈਂਪ ਦੌਰਾਨ ਪਿੰਡ ਨਥੇਹਾ ਤੋਂ ਇਲਾਵਾ ਗੋਲੇਵਾਲਾ, ਕੋਰੇਆਣਾ, ਨੰਗਲਾ, ਮੈਨੂੰਆਣਾ ਅਤੇ ਮਿਰਜੇਆਣਾ ਆਦਿ ਪਿੰਡਾਂ ਦੇ ਲੋਕ ਆਪਣੀਆਂ ਸਾਂਝੀਆਂ ਤੇ ਨਿੱਜੀ ਸਮੱਸਿਆਵਾਂ ਲੈ ਕੇ ਪਹੁੰਚੇ, ਜਿਨ੍ਹਾਂ ’ਚ ਮਾਲ ਵਿਭਾਗ ਤੋਂ ਇਲਾਵਾ ਮਗਨਰੇਗਾਂ, ਪੈਨਸ਼ਨਾਂ, ਛੱਪੜਾਂ ਤੇ ਗਲੀਆਂ-ਨਾਲੀਆਂ ਦੇ ਪਾਣੀ ਦੀ ਨਿਕਾਸੀ, ਪੀਣ ਵਾਲੇ ਪਾਣੀ, ਨਹਿਰੀ ਪਾਣੀ ਤੇ ਖਾਲੇ ਆਦਿ ਤੋਂ ਇਲਾਵਾ ਵਿਕਾਸ ਕਾਰਜਾਂ ਨਾਲ ਸਬੰਧਤ ਸਮੱਸਿਆਵਾਂ ਸਨ। ਇਨ੍ਹਾਂ ’ਚੋਂ ਬਹੁਤੀਆਂ ਸਮੱਸਿਆਵਾਂ ਦਾ ਨਿਪਟਾਰਾ ਮੌਕੇ ’ਤੇ ਹੀ ਕੀਤਾ ਗਿਆ ਤੇ ਰਹਿੰਦੀਆਂ ਸਮੱਸਿਆਵਾਂ ਦੇ ਹੱਲ ਲਈ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ ਗਏ। ਇਸ ਮੌਕੇ ਰੀਡਰ ਨਿਰਮਲ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਉਨ੍ਹਾਂ ਦੇ ਨੁਮਾਇੰਦੇ ਆਦਿ ਹਾਜ਼ਰ ਸਨ।

# ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ ਲਿਆ ਜਾਣ ਵਾਲਾ “ਨੈਤਿਕ ਸਿੱਖਿਆ” ਇਮਤਿਹਾਨ 22 ਅਗਸਤ ਨੂੰ

## ਅਧਿਆਪਕਾਂ ਦੀਆਂ ਡਿਊਟੀਆਂ ਅਤੇ ਹੋਰ ਪ੍ਰਬੰਧ ਮੁਕੰਮਲ



ਤਲਵੰਡੀ ਸਾਬੋ, 20 ਅਗਸਤ (ਗੁਰਜੰਟ ਸਿੰਘ ਨਥੇਹਾ)-ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ ਸਕੂਲ ਵਿਦਿਆਰਥੀਆਂ ਵਿੱਚ ਨੈਤਿਕ ਕਦਰਾਂ ਕੀਮਤਾਂ ਨੂੰ ਪ੍ਰਫੁੱਲਤ ਕਰਨ ਦੇ ਉਦੇਸ਼ ਨਾਲ ਹਰ ਸਾਲ ਕਰਵਾਏ ਜਾਂਦੇ ਨੈਤਿਕ ਸਿੱਖਿਆ ਇਮਤਿਹਾਨ ਦੇ ਤਹਿਤ ਇਸ ਵਾਰ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਖੇਤਰ ਦਮਦਮਾ ਸਾਹਿਬ ਤਲਵੰਡੀ ਸਾਬੋ ਵੱਲੋਂ 22 ਅਗਸਤ ਦਿਨ ਵੀਰਵਾਰ ਨੂੰ ਇਲਾਕੇ ਦੇ ਤਕਰੀਬਨ 37 ਸਕੂਲਾਂ ਵਿੱਚ ਨੈਤਿਕ ਸਿੱਖਿਆ ਦਾ ਪੇਪਰ ਲਿਆ ਜਾ ਰਿਹਾ ਹੈ। ਇਹ ਇਮਤਿਹਾਨ ਵਿੱਚ ਬੱਚਿਆਂ ਨੂੰ ਨੈਤਕਿਤਾ ਦਾ ਪਾਠ ਸਿਖਾਇਆ ਜਾਂਦਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਤਲਵੰਡੀ ਸਾਬੋ ਖੇਤਰ ਇੰਚਾਰਜ ਭਾਈ ਸ਼ਮਸ਼ੇਰ ਸਿੰਘ ਖਾਲਸਾ ਨੇ ਦੱਸਿਆ ਕਿ ਬੱਚਿਆਂ ਨੂੰ ਸਿਲੇਬਸ, ਨਿਯਮਾਵਲੀ, ਨਿਰਧਾਰਿਤ ਪੁਸਤਕਾਂ ਆਦਿਕ ਭੇਜੀਆਂ ਜਾ ਚੁੱਕੀਆਂ ਹਨ ਅਤੇ ਬੱਚਿਆਂ ਨੂੰ ਜਾਗਰੂਕ ਕਰਨ ਲਈ ਸੈਮੀਨਾਰ ਵੀ ਲਗਾਏ ਜਾ ਚੁੱਕੇ ਹਨ। ਉਹਨਾਂ ਇੱਕ ਸਵਾਲ ਦੇ ਜਵਾਬ ਵਿੱਚ ਦੱਸਿਆ ਕਿ ਹਰ ਸਾਲ ਸਮੁੱਚੇ ਪੰਜਾਬ ਵਿੱਚ ਲਗਭਗ 4000 ਤੋਂ ਵੱਧ ਸਕੂਲਾਂ ਚੋਂ ਇੱਕ ਲੱਖ ਤੋਂ ਵੱਧ ਵਿਦਿਆਰਥੀ ਇਸ ਇਮਤਿਹਾਨ ਵਿੱਚ ਬੈਠਦੇ ਹਨ ਅਤੇ ਇਹਨਾਂ ਵਿਦਿਆਰਥੀਆਂ ਦੀ ਮੈਰਿਟ ਸੂਚੀ ਬਣਦੀ ਹੈ ਮੈਰਿਟ ਵਿੱਚ ਪਹਿਲੀਆਂ ਤਿੰਨ ਪੁਜੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਨਾਲ-ਨਾਲ ਨਗਦ ਰਾਸ਼ੀ ਵੀ ਤਕਸੀਮ ਜਾਂਦੀ ਹੈ। ਉਹਨਾਂ ਦੱਸਿਆ ਕਿ ਇਸ ਇਮਤਿਹਾਨ ਲਈ ਪ੍ਰਬੰਧ ਮੁਕੰਮਲ ਕਰ ਲਏ ਹਨ ਅਤੇ ਅਧਿਆਪਕਾਂ ਦੀਆਂ ਡਿਊਟੀਆਂ ਵੀ ਲਗਾ ਦਿੱਤੀਆਂ ਹਨ।

## ਤੀਜੇ ਅਤੇ ਚੌਥੇ ਪਾਤਸ਼ਾਹ ਜੀ ਨਾਲ ਸਬੰਧਤ ਸ਼ਤਾਬਦੀ ਦਿਹਾੜੇ

# ਕੌਮੀ ਜਾਹੋ ਜਲਾਲ ਨਾਲ ਮਨਾਏ ਜਾਣਗੇ- ਭਾਈ ਮਹਿਤਾ



**ਨਵੀਂ ਦਿੱਲੀ, 20 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:-ਸ੍ਰੀ ਗੁਰੂ ਰਾਮਦਾਸ ਜੀ ਦੇ ਗੁਰਿਆਈ ਦਿਵਸ ਅਤੇ ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ ਦੀ 450 ਸਾਲਾ ਸ਼ਤਾਬਦੀ ਦੇ ਸਮਾਗਮਾਂ ਦੀਆਂ ਤਿਆਰੀਆਂ ਨੂੰ ਲੈ ਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਵਿਖੇ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ ਦੀ ਅਗਵਾਈ ਹੇਠ ਅਧਿਕਾਰੀਆਂ ਦੀ ਇਕੱਤਰਤਾ ਹੋਈ, ਜਿਸ ਦੌਰਾਨ ਸਮਾਗਮਾਂ ਸਬੰਧੀ ਬਣਾਈਆਂ ਗਈਆਂ ਸਬ-ਕਮੇਟੀਆਂ ਪਾਸੋਂ ਤਿਆਰੀਆਂ ਸਬੰਧੀ ਜਾਣਕਾਰੀ ਲਈ ਗਈ ਅਤੇ ਕੀਤੇ ਜਾਣ ਵਾਲੇ ਹੋਰ ਕਾਰਜਾਂ ਲਈ ਦਿਸ਼ਾ-ਨਿਰਦੇਸ਼ ਦਿੱਤੇ ਗਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਗੁਰੂ ਰਾਮਦਾਸ ਜੀ ਦੇ ਗੁਰਿਆਈ ਦਿਵਸ ਅਤੇ ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ ਦੀ 450 ਸਾਲਾ ਸ਼ਤਾਬਦੀ ਸਮਾਗਮਾਂ ਨੂੰ ਸਿੱਖ ਸੰਗਤਾਂ ਦੇ ਸਹਿਯੋਗ ਨਾਲ ਪੰਥਕ ਪ੍ਰੰਪਰਾਵਾਂ ਅਨੁਸਾਰ 13 ਸਤੰਬਰ ਤੋਂ 18 ਸਤੰਬਰ 2024 ਤੱਕ ਮਨਾਇਆ ਜਾਵੇਗਾ। ਇਸ ਸਬੰਧੀ ਹੋਣ ਵਾਲੇ ਸਮਾਗਮਾਂ ਦੀਆਂ ਤਿਆਰੀਆਂ ਲਈ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਸਬ-ਕਮੇਟੀਆਂ ਨਿਰਧਾਰਤ ਕੀਤੀਆਂ ਗਈਆਂ ਸਨ। ਅੱਜ ਦੀ ਇਕੱਤਰਤਾ ਵਿਚ ਹੋਈਆਂ ਤਿਆਰੀਆਂ ਦੀ ਸਮੀਖਿਆ ਕੀਤੀ ਗਈ ਹੈ ਅਤੇ ਹੋਣ ਵਾਲੇ ਹੋਰ ਕਾਰਜਾਂ ਸਬੰਧੀ ਵਿਚਾਰਾਂ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਨਾਲ ਸਬੰਧਤ ਸ਼ਤਾਬਦੀ ਸਮਾਗਮ ਵਿਸ਼ੇਸ਼ ਮਹੱਤਤਾ ਰੱਖਦੇ ਹਨ। ਇਸ ਮੌਕੇ ਵੱਡੀ ਗਿਣਤੀ ਵਿਚ ਸ਼ਮੂਲੀਅਤ ਕਰਨ ਵਾਲੀਆਂ ਸੰਗਤਾਂ ਦੀ ਹਰ ਸਹੂਲਤ ਦਾ ਧਿਆਨ ਰੱਖਣਾ ਸਾਡੀ ਜ਼ੁੰਮੇਵਾਰੀ ਹੈ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਚੌਥੇ ਪਾਤਸ਼ਾਹ ਜੀ ਦੇ ਗੁਰਿਆਈ ਦਿਵਸ ਅਤੇ ਤੀਸਰੇ ਪਾਤਸ਼ਾਹ ਜੀ ਦੇ ਜੋਤੀ ਜੋਤਿ ਦਿਵਸ ਦੀ 450 ਸਾਲਾ ਸ਼ਤਾਬਦੀ ਸਬੰਧੀ ਹੋਣ ਵਾਲੇ ਸਮਾਗਮਾਂ ਵਿਚ ਪਰਿਵਾਰ ਸਮੇਤ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

## ਬ੍ਰਹਮ ਗਿਆਨੀ ਬਾਬਾ ਨੰਦ ਸਿੰਘ ਜੀ ਕਲੇਰਾਂ ਵਾਲਿਆਂ ਦੀ

# 81ਵੀਂ ਬਰਸੀ ’ਤੇ ਹੋਏ ਸਮਾਗਮ

ਫ਼ਿਰੋਜ਼ਪੁਰ, 20 ਅਗਸਤ (ਮਨੋਹਰ ਲਾਲ) :— ਦੇਸ਼—ਵਿਦੇਸ਼ ਤੋਂ ਵੱਡੀ ਗਿਣਤੀ ਤੋਂ ਸੰਗਤਾਂ ਵੱਡੀ ਗਿਣਤੀ ਵਿਚ ਪੁੱਜੀਆਂ ਹੋਈਆਂ ਸਨ। ਬਾਬਾ ਜੀ ਦੀ ਬਰਸੀ ਯੂ.ਕੇ ਵਿਖੇ ਸੰਤ ਬਾਬਾ ਨਾਹਰ ਸਿੰਘ ਜੀ ਨੇ ਵੱਡੇ ਪੱਧਰ ਤੇ ਮਨਾਉਣੀ ਆਰੰਭ ਕੀਤੀ ਸੀ, 35 ਕਿਲਿਆਂ ਵਿਚ ਫਾਰਮ ਮੁੱਲ ਲੈ ਕੇ ਮਨਾਉਣਾ ਆਰੰਭ ਕੀਤਾ ਸੀ। ਬਾਬੇ ਕੇ ਫਾਰਮ ਵਿਖੇ ਇੰਟਰਨੈਸ਼ਨਲ ਜਥੇ ਦੇ ਫਾਰਮ ਵਿਖੇ ਬ੍ਰਹਮ ਗਿਆਨੀ ਬਾਬਾ ਨੰਦ ਸਿੰਘ ਜੀ ਕਲੇਰਾਂ ਵਾਲਿਆਂ ਦੀ 81ਵੀਂ ਬਰਸੀ ਸ਼ਰਧਾ ਭਾਵਨਾ ਨਾਲ ਮਨਾਈ ਗਈ। ਇਸ ਸਮਾਗਮ ਭਾਰੀ ਗਿਣਤੀ ਵਿਚ ਜਥੇ ਸ਼ਾਮਿਲ ਹੋਏ ਇਸ ਤੋਂ ਇਲਾਵਾ ਭਾਰੀ ਗਿਣਤੀ ਵਿਚ ਇੰਡੀਆ ਤੋਂ ਸੰਤ ਮਹਾਂਪੁਰਸ਼ ਪਹੁੰਚੇ। ਇਸ ਮੌਕੇ ਤੇ ਸੰਗਤਾਂ ਦਾ ਭਾਰੀ ਇਕੱਠ ਹੋਇਆ। ਇਸ ਮੌਕੇ ਤੇ ਜ਼ਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ, ਨਰਿੰਦਰ ਸਿੰਘ ਧੰਜਲ, ਹਰਜਿੰਦਰ ਸਿੰਘ ਸੈਭੀ, ਗੁਰਮੀਤ ਸਿੰਘ ਜੰਡ, ਧਰਮ ਸਿੰਘ ਅਤੇ ਹੋਰ ਬਹੁਤ ਸਾਰੇ ਅਹੁਦੇਦਾਰ—ਮੈਂਬਰ ਹਾਜ਼ਰ ਸਨ। ਇਸ ਮੌਕੇ ਤੇ ਜ਼ਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਸ ਮੌਕੇ ਤੇ ਭਾਰੀ ਗਿਣਤੀ ਵਿਚ ਸੰਤ ਇੰਡੀਆ ਤੋਂ ਆਏ ਹਨ ਅਤੇ ਬਾਬੇ ਕੇ ਹੋਕਲੀ ਬਰਮਿੰਘਮ ਯੂ.ਕੇ ਵਿਖੇ ਹਰ ਸਾਲ ਬ੍ਰਹਮ ਗਿਆਨੀ ਬਾਬਾ ਨੰਦ ਸਿੰਘ ਜੀ ਕਲੇਰਾਂ ਵਾਲਿਆਂ ਦੀ ਬਰਸੀ ਮਨਾਉਂਦੇ ਹਾਂ। ਇਸ ਵਾਰ 81ਵੀਂ ਬਰਸੀ ਮਨਾਈ ਜਾ ਰਹੀ ਹੈ। ਬਾਬਾ ਜੀ ਦੀ ਬਰਸੀ ਯੂ.ਕੇ ਵਿਖੇ ਸੰਤ ਬਾਬਾ ਨਾਹਰ ਸਿੰਘ ਜੀ ਨੇ ਵੱਡੇ ਪੱਧਰ ਤੇ ਮਨਾਉਣੀ ਆਰੰਭ ਕੀਤੀ ਸੀ, ਇਹ ਅਸਥਾਨ 35 ਕਿਲਿਆਂ ਵਿਚ ਫਾਰਮ ਮੁੱਲ ਲੈ ਕੇ ਮਨਾਉਣਾ ਆਰੰਭ ਕੀਤਾ ਸੀ। ਇਸ ਮੌਕੇ ਤੇ ਭਾਰੀ ਗਿਣਤੀ ਵਿਚ ਸੰਗਤਾਂ ਆਉਂਦੀਆਂ ਹਨ ਅਤੇ ਸ਼ਰਧਾ ਭਾਵਨਾ ਨਾਲ ਸੇਵਾ ਕਰਦੀਆਂ ਹਨ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।




ਆਵਾਜ਼ਿ ਕੌਮ AWAZE QAUM International Newspaper & WEB TV

## ਆਪ ਦੀ ਸਰਕਾਰ ਆਪ ਦੇ ਦੁਆਰ ਤਹਿਤ ਲਗਾਏ ਜਾ ਰਹੇ ਕੈਂਪਾਂ ਵਿੱਚ

# ਲੋਕਾਂ ਨੂੰ ਮਿਲ ਰਹੀਆਂ ਹਨ ਸਾਰੀਆਂ ਸਰਕਾਰੀ ਸਹੂਲਤਾਂ : ਡਿਪਟੀ ਕਮਿਸ਼ਨਰ



**ਜੰਡਿਆਲਾ ਗੁਰੂ, 20 ਅਗਸਤ ( ਕੁਲਵੰਤ ਸਿੰਘ ਵਿਰਦੀ)**-ਪੰਜਾਬ ਸਰਕਾਰ ਵੱਲੋਂ ਆਪ ਦੀ ਸਰਕਾਰ ਆਪ ਦੇ ਦੁਆਰ ਤਹਿਤ ਪਿੰਡਾਂ ਤੇ ਸ਼ਹਿਰਾਂ ਦੇ ਲੋਕਾਂ ਨੂੰ ਇੱਕੋਂ ਛੱਤ ਹੇਠ ਵੱਖ-ਵੱਖ ਸੇਵਾਵਾਂ ਮੁਹੱਈਆ ਕਰਵਾਉਣ ਅਤੇ ਲੋਕਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਕਰਨ ਲਈ ਲਗਾਏ ਜਾ ਰਹੇ ਕੈਂਪਾਂ ਨੂੰ ਜ਼ਿਲ੍ਹੇ ਦੇ ਲੋਕਾਂ ਦਾ ਭਰਵਾਂ ਸਹਿਯੋਗ ਮਿਲ ਰਿਹਾ ਹੈ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਘਨਸ਼ਾਮ ਥੋਰੀ ਨੇ ਦੱਸਿਆ ਕਿ ‘ਆਪ ਦੀ ਸਰਕਾਰ ਆਪ ਦੇ ਦੁਆਰ’ ਤਹਿਤ ਜਿਲ੍ਹੇ ਦੀਆਂ ਸਾਰੀਆਂ ਵਿੱਚ ਕੈਂਪ ਲਗਾ ਕੇ ਲੋਕਾਂ ਨੂੰ ਸਰਕਾਰੀ ਸੇਵਾਵਾਂ ਦਾ ਲਾਭ ਦਿੱਤਾ ਜਾ ਰਿਹਾ ਅਤੇ ਆਉਣ ਵਾਲੇ ਵਿਅਕਤੀਆਂ ਵੱਲੋਂ ਵੱਖ- ਵੱਖ ਸੇਵਾਵਾਂ ਹਾਸਲ ਕਰਨ ਲਈ ਅਪਲਾਈ ਕੀਤਾ ਜਾ ਰਿਹਾ ਅਤੇ ਮੌਕੇ ਤੇ ਹੀ ਸਰਟੀਫਿਕੇਟ ਮੁਹੱਈਆ ਕਰਵਾਏ ਜਾ ਰਹੇ ਹਨ ਅਤੇ ਲੋਕਾਂ ਨੂੰ ਸਾਰੀਆਂ ਸਰਕਾਰੀ ਸਹੂਲਤਾਂ ਇਕੋ ਥਾਂ ਹੀ ਮਿੱਲ ਰਹੀਆਂ ਹਨ। ਜਿਸ ਨਾਲ ਉਨਾਂ ਦੇ ਪੈਸੇ ਅਤੇ ਸਮੇਂ ਦੀ ਬਚਤ ਵੀ ਹੋ ਰਹੀ ਹੈ ਉਨਾਂ ਦੱਸਿਆ ਕਿ 21 ਅਗਸਤ 2024 ਨੂੰ ਅਗਲਾ ਕੈਂਪ ਵਿਧਾਨ ਸਭਾ ਹਲਕਾ ਅਜਨਾਲਾ ਦੇ ਪਿੰਡ ਰਮਦਾਸ ਦੇ ਸੀਨੀਅਰ ਸੈਕੰਡਰੀ ਸਕੂਲ ਵਿਖੇ ਲਗੇਗਾ। ਉਨਾਂ ਦੱਸਿਆ ਕਿ ਕੈਂਪਾਂ ਵਿੱਚ ਜੋ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ, ਉਨ੍ਹਾਂ ਵਿੱਚ ਜਨਮ ਸਰਟੀਫਿਕੇਟ, ਆਮਦਨ ਸਰਟੀਫਿਕੇਟ, ਰਿਹਾਇਸ਼ ਸਰਟੀਫਿਕੇਟ, ਅਨੁਸੂਚਿਤ ਅਤੇ ਪੱਛੜੀਆਂ ਸ਼੍ਰੇਣੀਆਂ ਦੇ ਸਰਟੀਫਿਕੇਟ, ਬੁਢਾਪਾ, ਦਿਵਯਾਂਗ ਅਤੇ ਆਸ਼ਿਰਤ ਪੈਨਸ਼ਨ, ਜਨਮ ਸਰਟੀਫਿਕੇਟ ’ਚ ਨਾਂ ਦੀ ਤਬਦੀਲੀ, ਸਿਹਤ ਵਿਭਾਗ ਨਾਲ ਸਬੰਧਤ ਸਕੀਮਾਂ, ਬਿਜਲੀ ਦੇ ਬਿੱਲਾਂ ਦੇ ਭੁਗਤਾਨ, ਮਾਲ ਵਿਭਾਗ ਸਬੰਧੀ ਰਿਕਾਰਡ ਦੀ ਪੜਤਾਲ, ਵਿਆਹ ਦੀ ਰਜਿਸਟ੍ਰੇਸ਼ਨ, ਮੌਤ ਦੇ ਸਰਟੀਫਿਕੇਟ ਦੀ ਇਕ ਤੋਂ ਵੱਧ ਕਾਪੀਆਂ, ਪੇਂਡੂ ਖੇਤਰ ਸਰਟੀਫਿਕੇਟ, ਫਰਦ ਬਣਾਉਣੀ, ਸ਼ਗਨ ਸਕੀਮ, ਜ਼ਮੀਨ ਦੀ ਨਿਸ਼ਾਨਦੇਹੀ, ਐੱਨ.ਆਰ. ਆਈ. ਦੇ ਸਰਟੀਫਿਕੇਟਾਂ ਦੇ ਕਾਉਂਟਰ ਦਸਤਖ਼ਤ, ਪੁਲਿਸ ਕਲੀਅਰੈਂਸ ਸਰਟੀਫਿਕੇਟ ਦੇ ਕਾਉਂਟਰ ਦਸਤਖ਼ਤ, ਮੌਤ ਸਰਟੀਫਿਕੇਟ ’ਚ ਤਬਦੀਲੀ ਆਦਿ ਸੇਵਾਵਾਂ ਸ਼ਾਮਿਲ ਹਨ। ਉਨਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਕੈਂਪ ਦਾ ਵੱਧ ਤੋ ਵੱਧ ਲਾਭ ਉਠਾਉਣ।

ਆਵਾਜ਼ਿ ਕੌਮ AWAZE QAUM International Newspaper & WEB TV

## ਧਰਨੇ ਨੂੰ ਸਫਲ ਬਣਾਉਣ ਦੇ ਲਈ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਮੀਟਿੰਗਾਂ ਦਾ ਸਿਲਸਿਲਾ ਜਾਰੀ



ਧੂਰੀ ( ਰਣਜੀਤ ਸਿੰਘ ਪੇਧਨੀ ) ਭਾਰਤੀ ਕਿਸਾਨ ਯੂਨੀਅਨ ਏਕਤਾ ਅਗਰਾਹਾਂ ਬਲਾਕ ਧੂਰੀ ਦੀ ਮੀਟਿੰਗ ਹਰਪਾਲ ਸਿੰਘ ਪੇਧਨੀ ਦੀ ਅਗਵਾਈ ਹੇਠ ਹੋਈ। ਜਿਸ ਵਿੱਚ 27 ਅਗਸਤ ਤੋਂ ਲੈ ਕੇ 31 ਅਗਸਤ ਤੱਕ ਡਿਪਟੀ ਕਮਿਸ਼ਨਰ ਦਫਤਰ ਅੱਗੇ ਧਰਨਾ ਦੇਣ ਸਬੰਧੀ ਵੱਖ-ਵੱਖ ਪਿੰਡਾਂ ਵਿੱਚ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਮੀਟਿੰਗ ਵਿਚ ਲੋਕਾਂ ਦੀ ਨਵੀਂ ਖੇਤੀ ਨੀਤੀ ਲਿਆਉਣ, ਪਾਣੀ ਦੀ ਡਿੱਗਦੀ ਸਤਹਿ ਨੂੰ ਠੱਲ ਪਾਉਣਾ, 60 ਸਾਲ ਤੋਂ ਉਪਰ ਦੇ ਕਿਸਾਨਾਂ / ਮਜਦੂਰਾਂ ਔਰਤਾਂ ਦੀ 10.000/ ਰੁਪਏ ਪ੍ਰਤੀ ਮਹੀਨਾ, ਮੁਫਤ ਵਿੱਦਿਆ, ਕੁਦਰਤੀ ਆਵਰਾਂ ਅਤੇ ਬਿਮਾਰੀਆਂ ਨਾਲ ਹੋਈਆ ਮੌਤਾਂ ਅਤੇ ਪਸੂ ਧਨ ਦੀ ਪੂਰਤੀ ਕਰਨ ਦਾ ਵਾਅਦਾ ਨਾ ਪੂਰਾ ਹੋਣਾ, ਬੇਰੁਜਗਾਰਾਂ ਨੂੰ ਪੱਕਾ ਰੁਜਗਾਰ, ਔਰਤਾਂ ਨੂੰ 1000 ਹਜਾਰ ਰੁਪਏ ਮਹੀਨਾ ਆਦਿ ਨੂੰ ਪੂਰਾ ਕਰਵਾਉਣ ਲਈ ਬਲਾਕ ਧੂਰੀ ਦੇ ਪਿੰਡਾਂ ਚ ਨੁੱਕੜ ਮੀਟਿੰਗਾ ਕਰਕੇ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਮੌਕੇ ਕਿਰਪਾਲ ਸਿੰਘ, ਜੋਰਾ ਸਿੰਘ ਕੰਧਾਰਗੜ ਛੰਨਾ, ਕਰਮਜੀਤ ਸਿੰਘ ਬੇਨੜਾ, ਰਾਮ ਸਿੰਘ ਕੱਕੜਵਾਲ ,ਦਰਸਨ ਸਿੰਘ ਕਿਲਾ, ਜਰਨੈਲ ਸਿੰਘ ਸੁਲਤਾਨਪੁਰ, ਬੇਅੰਤ ਸਿੰਘ ਘਨੌਰੀ, ਬਾਬੂ ਸਿੰਘ ਮੂਲੋਂਵਾਲ, ਹਮੀਰ ਸਿੰਘ ਬੰਗਾਵਾਲੀ, ਗੁਰਜੰਟ ਸਿੰਘ ਆਦਿ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਅਸ਼ੋਕ ਕੁਮਾਰ ਨੇ ਬੀਡੀਪੀਓ ਕਾਹਨੂੰਵਾਨ ਦਾ ਬਤੌਰ ਚਾਰਜ ਸੰਭਾਲਿਆ ਅਤੇ ਕੰਮ ਕਰਨਾ ਸ਼ੁਰੂ ਕਰ ਦਿੱਤਾ ਹੈ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 20 ਅਗਸਤ (ਕੁਲਜੀਤ ਸਿੰਘ ਖੋਖਰ)**-ਬਲਾਕ ਕਾਹਨੂੰਵਾਨ ਵਿਖੇ ਅਸ਼ੋਕ ਕੁਮਾਰ ਨੇ ਬਤੌਰ ਬੀਡੀਪੀਓ ਕਾਹਨੂੰਵਾਨ ਦਾ ਚਾਰਜ ਸੰਭਾਲਿਆ ਅਤੇ ਕੰਮ ਕਰਨਾ ਸ਼ੁਰੂ ਕਰ ਦਿੱਤਾ ਹੈ ਬੀਡੀਪੀਓ ਨੇ ਪਤਰਕਾਰਾਂ ਦੇ ਰੂਬਰੂ ਹੋ ਕੇ ਕਿਹਾ ਕਿ ਦਫ਼ਤਰ ਵਿੱਚ ਕੋਈ ਵੀ ਗ.ਲਤ ਕੰਮ ਨਹੀਂ ਹੋਵੇਗਾ ਅਤੇ ਨਾ ਹੀ ਕਿਸੇ ਮੁਲਾਜ਼ਮ ਨੂੰ ਕੋਈ ਗ.ਲਤ ਕੰਮ ਕਰਨ ਦਿੱਤਾ ਜਾਵੇਗਾ ਅਗੇ ਉਹਨਾਂ ਕਿਹਾ ਕਿ ਦਫ਼ਤਰ ਵਿੱਚ ਹਰ ਆਉਣ ਵਾਲੇ ਵਿਅਕਤੀ ਦਾ ਮਾਣ ਸਨਮਾਨ ਕੀਤਾ ਜਾਵੇਗਾ ਇਸ ਤੋਂ ਬਾਅਦ ਉਹਨਾਂ ਆਪਣੇ ਸਾਰੇ ਸਟਾਫ ਨਾਲ਼ ਇੰਨਟਰੋਡੈਕਸਨ ਕੀਤੀ ਅਤੇ ਸਾਰੇ ਸਟਾਫ ਨੂੰ ਹਦਾਇਤ ਕੀਤੀ ਕਿ ਉਹ ਆਪੋ ਆਪਣਾ ਕੰਮ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਕਰਨ ਅਗੇ ਉਹਨਾਂ ਕਿਹਾ ਕਿ ਸਕਾਇਤ ਮਿਲਣ ਤੇ ਕਿਸੇ ਨੂੰ ਬਖਸ਼ਿਆ ਨਹੀਂ ਜਾਵੇਗਾ ਇਸ ਮੌਕੇ ਉਨ੍ਹਾਂ ਨਾਲ ਗੱਜਣ ਸਿੰਘ ਪ੍ਰਧਾਨ ਪੰਚਾਇਤ ਸਕੱਤਰ ਸੁਖਵੀਰ ਸਿੰਘ ਪੰਚਾਇਤ ਸਕੱਤਰ ਸੁਪਰਡੈਂਟ ਮੈਡਮ ਮਨਪ੍ਰੀਤ ਕੌਰ ਗੁਰਵਿੰਦਰ ਕੌਰ ਕਲੱਰਕ ਨਿਰਮਲ ਸਿੰਘ ਵੀਡੀਓ ਜਸਵੰਤ ਸਿੰਘ ਪੰਚਾਇਤ ਸਕੱਤਰ ਕੁਲਵਿੰਦਰ ਸਿੰਘ ਵੀਡੀਓ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸ੍ਰੀਮਤੀ ਪਰਮਜੀਤ ਨੇ ਜ਼ਿਲ੍ਹਾ ਸਿੱਖਿਆ ਅ.ਫਸਰ ਸੈਕੰਡਰੀ ਦਾ ਵਾਧੂ ਚਾਰਜ ਸੰਭਾਲਿਆ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 20 ਅਗਸਤ ਕੁਲਜੀਤ ਸਿੰਘ ਖੋਖਰ** - ਸ੍ਰੀਮਤੀ ਪਰਮਜੀਤ ਵੱਲੋਂ ਅੱਜ ਜ਼ਿਲ੍ਹਾ ਸਿੱਖਿਆ ਅ.ਫਸਰ ਸੈਕੰਡਰੀ ਦਾ ਵਾਧੂ ਚਾਰਜ ਸੰਭਾਲਿਆ ਗਿਆ ਹੈ। ਜ਼ਿਲ੍ਹਾ ਸਿੱਖਿਆ ਅ.ਫਸਰ (ਸਕੈਂਡਰੀ) ਦਾ ਅਹੁਦਾ ਸੰਭਾਲਣ ਮੌਕੇ ਸ੍ਰੀਮਤੀ ਪਰਮਜੀਤ ਨੇ ਕਿਹਾ ਕਿ ਉਹ ਆਪਣੀ ਜ਼ਿੰਮੇਵਾਰੀ ਨੂੰ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤ ਅਨੁਸਾਰ ਸਕੂਲਾਂ ਵਿੱਚ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਦੇ ਨਾਲ ਅਧਿਆਪਕਾਂ ਅਤੇ ਦਫ਼ਤਰ ਦਾ ਕੋਈ ਵੀ ਕੰਮ ਪੈਂਡਿੰਗ ਨਹੀਂ ਰਹਿਣ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵੀ ਅਧਿਆਪਕ ਨੂੰ ਕਿਸੇ ਤਰ੍ਹਾਂ ਦੀ ਸਮੱਸਿਆ ਆਉਂਦੀ ਹੈ ਤਾਂ ਉਹ ਉਨ੍ਹਾਂ ਨਾਲ ਸਿੱਧਾ ਸੰਪਰਕ ਕਰ ਸਕਦੇ ਹਨ। ਇਸ ਮੌਕੇ ਉਪ ਜ਼ਿਲ੍ਹਾ ਸਿੱਖਿਆ ਅ.ਫਸਰ ਸੈਕੰਡਰੀ ਸ. ਲਖਵਿੰਦਰ ਸਿੰਘ ਤੇ ਉਪ ਜ਼ਿਲ੍ਹਾ ਸਿੱਖਿਆ ਅ.ਫਸਰ ਐਲੀਮੈਂਟਰੀ ਸ਼੍ਰੀ ਪ੍ਰਕਾਸ਼ ਜੋਸ਼ੀ ਵੱਲੋਂ ਮੈਡਮ ਪਰਮਜੀਤ ਨੂੰ ਡੀ.ਈ.ਓ. ਸੈਕੰਡਰੀ ਦਾ ਵਾਧੂ ਚਾਰਜ ਸੰਭਾਲਣ ’ਤੇ ਵਧਾਈ ਦਿੱਤੀ ਅਤੇ ਹਰ ਤਰ੍ਹਾਂ ਦੇ ਸਹਿਯੋਗ ਦਾ ਭਰੋਸਾ ਦਿੱਤਾ। ਇਸ ਦੌਰਾਨ ਸੁਪਰਡੰਟ ਰਾਕੇਸ਼ ਤੁਲੀ, ਸਟੈਨੋ ਅਮਨ ਗੁਪਤਾ, ਸੁਮਿਤ ਕੁਮਾਰ, ਸੋਮ ਲਾਲ, ਪ੍ਰਦੀਪ ਅਰੋੜਾ, ਅਨੂੰ ਅਰੋੜਾ, ਪ੍ਰਬੋਧ ਕੁਮਾਰ, ਸਪੋਰਟਸ ਕੋਆਰਡੀਨੇਟਰ ਅਨੀਤਾ, ਜਸਬੀਰ ਲਾਲ, ਮਲਕਿੰਦਰ ਸਿੰਘ, ਸਲਵਿੰਦਰ ਕੌਰ, ਇਕਬਾਲ ਸਿੰਘ ਸਮਰਾ ਆਦਿ ਹਾਜ਼ਰ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV

## ਗੁਰਬਾਣੀ ਦਾ ਸੰਦੇਸ਼ ਹੈ ਕਿ

# ਝੂਠ ਦੇ ਬੱਦਲ ਬਹੁਤੀ ਦੇਰ ਤੱਕ ਸੱਚ ਦੇ ਸੂਰਜ ਨੂੰ ਛੁਪਾ ਨਹੀਂ ਸਕਦੇ : ਜਥੇਦਾਰ ਦਾਦੂਵਾਲ

### ਮੁੱਖ ਸੇਵਾਦਾਰ ਜਥੇਦਾਰ ਦਾਦੂਵਾਲ ਜੀ ਨੇ ਗੁਰਬਾਣੀ ਕਥਾ ਵਿਆਖਿਆ ਤੇ ਨਾਮ ਸਿਮਰਨ ਨਾਲ ਸਿੱਖ ਸੰਗਤਾਂ ਨੂੰ ਜੋੜਿਆ






**ਸਿਰਸਾ, 20 ਅਗਸਤ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਦੇ ਮੁੱਖ ਅਸਥਾਨ ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਹਰਿਆਣਾ ਵਿਖੇ ਪੂਰਨਮਾਸ਼ੀ ਤੇ ਮਹੀਨਾਵਾਰ ਗੁਰਮਤਿ ਸਮਾਗਮ ਇਸ ਵਾਰ ਸੰਤ ਵਕੀਲ ਸਾਹਿਬ ਜੀ ਦੀ ਯਾਦ ਵਿੱਚ ਕੀਤੇ ਗਏ ਜਿਸ ਵਿੱਚ ਧਰਮ ਪ੍ਰਚਾਰ ਵਿੰਗ ਦੇ ਕਵੀਸ਼ਰ ਭਾਈ ਜਰਨੈਲ ਸਿੰਘ ਸੱਜਣ,ਭਾਈ ਸੁਖਵਿੰਦਰ ਸਿੰਘ ਭੰਬੂਰ ਦੇ ਜਥਿਆਂ ਨੇ ਕਵੀਸ਼ਰੀ ਕਵਿਤਾਵਾਂ ਰਾਹੀਂ ਸੰਗਤਾਂ ਨੂੰ ਗੁਰਇਤਿਹਾਸ ਸਰਵਣ ਕਰਾਇਆ ਗੁਰਦੁਆਰਾ ਦਾਦੂ ਸਾਹਿਬ ਦਾ ਹਜ਼ੂਰੀ ਜੱਥਾ ਭਾਈ ਗੁਰਸੇਵਕ ਸਿੰਘ ਰੰਗੀਲਾ,ਭਾਈ ਸੁਖਪਾਲ ਸਿੰਘ,ਭਾਈ ਰਣਧੀਰ ਸਿੰਘ ਦਕੋਹਾ ਅਤੇ ਸਾਥੀਆਂ ਨੇ ਰਸਭਿੰਨਾ ਕਥਾ ਕੀਰਤਨ ਕਰਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਅਸਥਾਨ ਦੇ ਮੁੱਖ ਸੇਵਾਦਾਰ ਜਥੇਦਾਰ ਦਾਦੂਵਾਲ ਜੀ ਨੇ ਗੁਰਬਾਣੀ ਕਥਾ ਵਿਆਖਿਆ ਤੇ ਨਾਮ ਸਿਮਰਨ ਨਾਲ ਸਿੱਖ ਸੰਗਤਾਂ ਨੂੰ ਜੋੜਿਆ ਜਥੇਦਾਰ ਦਾਦੂਵਾਲ ਜੀ ਨੇ ਸੰਤ ਬਹਾਦੁਰ ਚੰਦ ਵਕੀਲ ਸਾਹਿਬ ਦੇ ਨਾਲ ਆਪਣੀਆਂ ਮੁਲਾਕਾਤਾਂ ਦਾ ਜ਼ਿਕਰ ਕੀਤਾ ਅਤੇ ਉਨਾਂ ਦੇ ਗੁਰਬਾਣੀ ਨਾਲ ਪ੍ਰੇਮ ਪਿਆਰ ਦਾ ਵਿਸ਼ੇਸ਼ ਜ਼ਿਕਰ ਕੀਤਾ ਜਥੇਦਾਰ ਦਾਦੂਵਾਲ ਜੀ ਨੇ ਮਹਾਤਮਾ ਬਰਿੰਦਰ ਜੀ ਵਲੋਂ ਸੰਤ ਵਕੀਲ ਸਾਹਿਬ ਦੀ ਪਿਛਲੇ 26 ਸਾਲ ਤੋਂ ਨਿਰੰਤਰ ਕੀਤੀ ਸੇਵਾ ਦਾ ਵੀ ਜ਼ਿਕਰ ਕੀਤਾ ਜਥੇਦਾਰ ਦਾਦੂਵਾਲ ਜੀ ਨੇ ਕਿਹਾ ਕੇ ਸਾਨੂੰ ਹਮੇਸ਼ਾ ਸੱਚ ਨਾਲ ਜੁੜ ਕੇ ਰਹਿਣਾ ਚਾਹੀਦਾ ਹੈ ਕਿਉਂਕੇ ਗੁਰਬਾਣੀ ਦਾ ਫੁਰਮਾਨ ਹੈ ਕੇ ਝੂਠ ਦੇ ਬੱਦਲ ਸੱਚ ਦੇ ਸੂਰਜ ਨੂੰ ਬਹੁਤੀ ਦੇਰ ਛੁਪਾ ਨਹੀਂ ਸਕਦੇ ਅਖੀਰ ਸੱਚ ਨੇ ਹੀ ਰਹਿਣਾ ਹੈ ਨਗਰ ਦਾਦੂ ਸਾਹਿਬ ਤੇ ਇਲਾਕੇ ਦੇ ਕਈ ਪਿੰਡਾਂ ਦੀ ਸਿੱਖ ਸੰਗਤ ਨੇ ਸਮਾਗਮ ਵਿੱਚ ਹਾਜ਼ਰੀ ਭਰੀ ਅਤੇ ਗੁਰਬਾਣੀ ਗੁਰਇਤਿਹਾਸ ਨਾਮ ਸਿਮਰਨ ਦਾ ਆਨੰਦ ਮਾਣਿਆ ਇਸ ਸਮੇਂ ਮਹਾਤਮਾ ਬਰਿੰਦਰ ਜੀ ਜਗਮਾਲਵਾਲੀ,ਬਾਬਾ ਪ੍ਰਤਾਪ ਸਿੰਘ ਮੁੱਖ ਗ੍ਰੰਥੀ ਗੁਰਦੁਆਰਾ ਦੁੱਖਨਿਵਾਰਨ ਸਾਹਿਬ ਕਾਲਾਂਵਾਲੀ,ਐਡਵੋਕੇਟ ਗੁਰਮੀਤ ਸਿੰਘ ਖਾਲਸਾ ਕਾਲਾਂਵਾਲੀ ਇੰਚਾਰਜ ਧਰਮ ਪ੍ਰਚਾਰ ਸਭ ਦਫਤਰ ਸਿਰਸਾ,ਪ੍ਰਸਿੱਧ ਸੂਫੀ ਗਾਇਕ ਸ਼ਮਸ਼ੇਰ ਲਹਿਰੀ,ਮਹਾਤਮਾ ਵਿਸ਼ਨੂ ਜੀ,ਸੰਜੇ ਜੀ,ਰਜੇਸ਼ ਜੀ,ਗੁਰਮੇਲ ਸਿੰਘ ਜੀ,ਸੂਰਜ ਜੀ,ਸੁਖਪਾਲ ਜੀ ਨੇ ਵੀ ਸਮਾਗਮ ਵਿੱਚ ਨਤਮਸਤਕ ਹੋਣਾ ਕੀਤਾ ਗੁਰੂ ਕਾ ਲੰਗਰ ਅਤੁੱਟ ਵਰਤਿਆ ਜਥੇਦਾਰ ਦਾਦੂਵਾਲ ਜੀ ਨੇ ਆਏ ਮਹਾਤਮਾ ਅਤੇ ਜੱਥਿਆਂ ਨੂੰ ਗੁਰੂ ਦੀ ਬਖਸ਼ਿਸ਼ ਸਿਰਪਾਉ ਭੇਂਟ ਕਰਕੇ ਸਨਮਾਨਿਤ ਕੀਤਾ।

## ਧਾਰਮਿਕ ਸਮਾਗਮ ਕਰਵਾਉਣ ਤੇ

# ਗਰੀਬ ਲੜਕੀਆਂ ਦੇ ਵਿਆਹ ਕਰਵਾਉਣ ਵਾਲੇ ਹਰਪਾਲ ਸਿੰਘ ਭੁੱਲਰ ਦਾ ਹੋਇਆ ਅਕਾਲ ਚਲਾਣਾ



ਫ਼ਿਰੋਜ਼ਪੁਰ, 20 ਅਗਸਤ (ਮਨੋਹਰ ਲਾਲ) :— ਇਲਾਕੇ ਵਿਚ ਧਾਰਮਿਕ ਸਮਾਗਮ ਕਰਵਾਉਣ ਦੇ ਨਾਲ—ਨਾਲ ਗਰੀਬ ਤੇ ਜ਼ਰੂਰਤਮੰਦ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹ ਕਰਵਾਉਣ ਦਾ ਸੁਭਾਗਾ ਕਾਰਜ ਕਰਦੇ ਆ ਰਹੇ ਵਿਸ਼ਵ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਦੇ ਪ੍ਰਧਾਨ ਹਰਪਾਲ ਸਿੰਘ ਭੁੱਲਰ ਨਹੀਂ ਰਹੇ।ਅੱਜ ਜਿਵੇਂ ਹੀ ਸ੍ਰੀ ਭੁੱਲਰ ਦੇ ਅਕਾਲ ਚਲਾਣਾ ਦੀ ਖਬਰ ਇਲਾਕੇ ਵਿਚ ਫੈਲੀ ਤਿਉਂ ਹੀ ਇਲਾਕੇ ਵਿਚ ਸੋਗ ਦੀ ਲਹਿਰ ਦੌੜ ਗਈ ਅਤੇ ਹਜ਼ਾਰਾਂ ਦੀ ਤਦਾਦ ਵਿਚ ਹਰਪਾਲ ਸਿੰਘ ਭੁੱਲਰ ਨੂੰ ਚਾਹੁਣ ਵਾਲਿਆਂ ਦਾ ਉਨ੍ਹਾਂ ਦੇ ਗ੍ਰਹਿ ਬਗਦਾਦੀ ਗੇਟ ਵਿਖੇ ਇਕੱਠ ਹੋਣਾ ਸ਼ੁਰੂ ਹੋ ਗਿਆ ਅਤੇ ਹਰ ਇਕ ਨੇ ਨਮ ਅੱਖ ਨਾਲ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ। ਇਸ ਮੌਕੇ ਗੱਲਬਾਤ ਕਰਦਿਆਂ ਉਨ੍ਹਾਂ ਦੇ ਸੰਗੀ ਸਾਥੀ ਰਹੇ ਸ੍ਰੀ ਹਰੀਪਾਲ ਸਿੰਘ ਸਰਾਂ, ਸੋਹਣ ਸਿੰਘ, ਸਰਬਜੀਤ ਸਿੰਘ ਛਾਬੜਾ, ਜਤਿੰਦਰ ਸਿੰਘ, ਸਵਰਨ ਸਿੰਘ, ਹਰਜੀਤ ਸਿੰਘ ਧਾਲੀਵਾਲ, ਮੋਹਨ ਸਿੰਘ, ਗੁਰਜੀਤ ਸਿੰਘ ਵਿਰਕ ਸਮੇਤ ਵੱਡੀ ਤਦਾਦ ਸੁਸਾਇਟੀ ਦੇ ਮੈਂਬਰਾਂ, ਸ: ਜੱਸਾ ਸਿੰਘ ਰਾਮਗੜ੍ਹੀਆ ਸੁਸਾਇਟੀ ਦੇ ਅਹੁਦੇਦਾਰ, ਮੈਂਬਰ, ਪੱਤਰਕਾਰ ਭਾਈਚਾਰੇ, ਵਕੀਲ, ਸਮਾਜਿਕ ਅਤੇ ਰਾਜਨੀਤਕ ਪਾਰਟੀਆਂ ਦੇ ਆਗੂਆਂ ਨੇ ਪਰਿਵਾਰ ਨਾਲ ਦੁੱਖ ਦਾ ਇਜ਼ਹਾਰ ਕੀਤਾ। ਜ਼ਿਕਰਯੋਗ ਹੈ ਕਿ 1992 ਤੋਂ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਦੇ ਨਾਮ ਹੇਠ ਧਾਰਮਿਕ ਸਮਾਗਮ ਕਰਵਾਉਂਦੇ ਆ ਰਹੇ ਸ੍ਰੀ ਹਰਪਾਲ ਸਿੰਘ ਭੁੱਲਰ ਵੱਲੋਂ ਆਪਣੇ ਸਾਥੀਆਂ ਦੇ ਸਹਿਯੋਗ ਨਾਲ ਇਨ੍ਹਾਂ ਤਿੰਨ ਦਿਨਾਂ ਸਮਾਗਮਾਂ ਦੌਰਾਨ ਜਿਥੇ ਇਲਾਕੇ ਨੂੰ ਧਾਰਮਿਕਤਾ ਨਾਲ ਜ਼ੋੜਣ ਦਾ ਕਾਰਜ ਕੀਤਾ ਜਾਂਦਾ ਸੀ, ਉਥੇ ਗਰੀਬ ਤੇ ਜ਼ਰੂਰਤਮੰਦ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹ ਕਰਵਾ ਕੇ ਕਈ ਪਰਿਵਾਰਾਂ ਦਾ ਭਾਰ ਵੰਡਾਇਆ ਸੀ।ਫ਼ਿਰੋਜ਼ਪੁਰ ਸ਼ਹਿਰ ਵਿਖੇ ਸਿਵਲ ਹਸਪਤਾਲ ਦੇ ਪਿਛਲੇ ਪਾਸੇ ਭਾਈ ਮਰਦਾਨਾ ਜੀ ਦੀ ਯਾਦ ਵਿਚ ਬਣਾਏ ਗੁਰਦੁਆਰਾ ਸਾਹਿਬ ਵਿਖੇ ਤਕਰੀਬਨ ਰੋਜ਼ਾਨਾ ਹੀ ਕੋਈ ਨਾ ਕੋਈ ਧਾਰਮਿਕ ਸਮਾਗਮ ਕਰਵਾ ਕੇ ਲੋਕਾਂ ਨੂੰ ਧਰਮ ਨਾਲ ਜੁੜਣ ਦੀ ਸਿੱਖਿਆ ਦੇਣ ਦੇ ਨਾਲ—ਨਾਲ ਜ਼ਰੂਰਤਮੰਦਾਂ ਦੀ ਮੱਦਦ ਕਰਨ ਲਈ ਪ੍ਰੇਰਿਤ ਕੀਤਾ ਜਾਂਦਾ ਸੀ।

ਦਸਣਯੋਗ ਹੈ ਕਿ ਸਿੱਖ ਪੰਥ ਦੀਆਂ ਗਤੀਵਿਧੀਆਂ ਵਿਚ ਵੱਧ ਚੜ੍ਹ ਕੇ ਭਾਗ ਲੈਣ ਵਾਲੇ ਅਤੇ ਸਿੱਖਾਂ ਦੇ ਪਹਿਲੇ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਸਾਥੀ ਭਾਈ ਮਰਦਾਨੇ ਨੂੰ ਬਣਦਾ ਮਾਨ ਸਨਮਾਨ ਦਵਾਉਣ ਲਈ ਵੱਡੇ ਸੰਘਰਸ਼ ਲੜਣੇ ਵੀ ਸ੍ਰੀ ਹਰਪਾਲ ਸਿੰਘ ਭੁੱਲਰ ਦੇ ਹੱਕ ਆਇਆ ਅਤੇ ਉਨ੍ਹਾਂ ਫ਼ਿਰੋਜ਼ਪੁਰ ਅੰਦਰ ਭਾਈ ਮਰਦਾਨਾ ਜੀ ਦੀ ਯਾਦ ਵਿਚ ਰਾਜ ਪੱਧਰੀ ਯਾਦਗਾਰ ਬਣਵਾਈ, ਜਿਥੇ ਹਰ ਸਾਲ ਇੰਟਰਨੈਸ਼ਨਲ ਪੱਧਰ ਦੇ ਗੁਰਮਤਿ ਸਮਾਗਮ ਕਰਵਾਉਂਦੇ ਰਹੇ ਹਨ। ਸ੍ਰੀ ਭੁੱਲਰ ਨੇ ਸਿੱਖਾਂ ਤੋਂ ਵਿਛੜੇ ਗੁਰਧਾਮਾਂ ਦੇ ਸੰਗਤ ਨੂੰ ਦਰਸ਼ਨ ਦੀਦਾਰੇ ਕਰਵਾਉਣ ਦਾ ਕਾਰਜ ਆਪਣੇ ਹੱਥੀਂ ਲੈਂਦਿਆਂ ਦਹਾਕਿਆਂ ਤੋਂ ਸੰਗਤਾਂ ਨੂੰ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨ ਦੀਦਾਰੇ ਕਰਵਾਉਂਦੇ ਆ ਰਹੇ ਹਨ। ਸਮੂਹ ਲੋਕਾਈ ਦੀ ਭਲਾਈ ਦੇ ਕਾਰਜ ਕਰਦੇ ਆ ਰਹੇ ਸ੍ਰੀ ਹਰਪਾਲ ਸਿੰਘ ਭੁੱਲਰ ਆਪਣੇ ਪਿਛੇ ਦੋ ਬੇਟਿਆਂ ਅਤੇ ਪੋਤਰੇ—ਪੋਤਰੀਆਂ ਵਾਲਾ ਵੱਡਾ ਪਰਿਵਾਰ ਛੱਡ ਗਏ ਹਨ। ਬੀਤੇ ਦਿਨ ਉਨ੍ਹਾਂ ਦੀ ਸਿਹਤ ਵਿਗੜ ਸੀ, ਜਿਸ ਦੇ ਚਲਦਿਆਂ ਹਸਪਤਾਲ ਵਿਖੇ ਦਾਖਲ ਕਰਵਾਇਆ ਗਿਆ, ਜਿਥੇ ਅੱਜ ਸਵੇਰੇ ਉਨ੍ਹਾਂ ਆਪਣੇ ਆਖਰੀ ਸਾਹ ਲਏ। ਇਸ ਮੌਕੇ ਉਨ੍ਹਾਂ ਦੇ ਸਪੁੱਤਰ ਜਗਜੀਤ ਸਿੰਘ ਭੁੱਲਰ ਨਾਲ ਦੁੱਖ ਸਾਂਝਾ ਕੀਤਾ ਅਤੇ ਵਾਹਿਗੁਰੂ ਅੱਗੇ ਅਰਦਾਸ ਬੇਨਤੀ ਕੀਤੀ ਕਿ ਉਹ ਸ: ਹਰਪਾਲ ਸਿੰਘ ਭੁੱਲਰ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ੇ ਅਤੇ ਪਿਛੇ ਪਰਿਵਾਰ, ਰਿਸ਼ਤੇਦਾਰਾਂ, ਸਾਕ ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ।

# ਖੁਸ਼ੀ ਤੇ ਉਤਸ਼ਾਹ ਨਾਲ ਮਨਾਇਆ ਰੱਖੜੀ ਦਾ ਤਿਉਹਾਰ, ਲਗਾਏ ਬੂਟੇ



ਫ਼ਿਰੋਜ਼ਪੁਰ, 20 ਅਗਸਤ (ਮਨੋਹਰ ਲਾਲ) :— ਰੱਖੜੀ ਦਾ ਤਿਉਹਾਰ ਥਾਂ—ਥਾਂ ਤੇ ਲੜਕੇ—ਲੜਕੀਆਂ ਤੋਂ ਰੁੱਖ ਲਵਾ ਕੇ ਇਕ—ਦੂਜੇ ਦੀ ਲੰਬੀ ਉਮਰ, ਚੰਗੀ ਸੋਚ, ਅੱਛੀ ਸਿਹਤ, ਵਾਤਾਵਰਣ ਦੀ ਸੰਭਾਲ ਦੀ ਸਿਰਜਣਾ ਦਾ ਪ੍ਰਣ ਕਰਵਾਇਆ ਗਿਆ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪੀ.ਸੀ ਕੁਮਾਰ ਨੇ ਦੱਸਿਆ ਕਿ ਰੱਖੜੀ ਦਾ ਤਿਉਹਾਰ ਵੱਖ—ਵੱਖ ਸਕੂਲਾਂ, ਸਮਾਸ਼ਾਨਘਾਟ, ਹੋਰ ਸਾਂਝੀਆਂ ਥਾਵਾਂ ਤੇ ਪੌਦੇ ਲਗਾ ਕੇ ਭੈਣ ਨੂੰ ਭਰਾ ਤੇ ਭਰਾ ਤੋਂ ਭੈਣ ਭੇਟਾ ਦੋਵੇਂ ਪਿਆਰ ਦਾ ਪ੍ਰਤੀਕ ਤੇ ਸਮੇਂ ਦੀ ਲੋੜ, ਮੰਗ ਨੂੰ ਮੁੱਖ ਰੱਖ ਦਿੱਤਾ ਹੀ ਨਹੀਂ ਗਿਆ ਬਲਕਿ ਲਵਾ ਇਹ ਪ੍ਰਣ ਲਿਆ ਕਿ ਜੇ ਅਸੀਂ ਤੰਦਰੁਸਤ, ਖੁਸ਼, ਚੰਗੇ ਸਮਾਜ ਦੀ ਸਿਰਜਣਾ ਨਹੀਂ ਕਰਾਂਗੇ ਤਾਂ ਅੱਜ ਇਕ ਕਰੋਨਾ—19 ਜਿਨ੍ਹਾਂ ਸਾਰੀ ਦੁਨਿਆ ਕੋਲੋਂ ਤੋਬਾ—ਤੋਬਾ ਕਰਵਾ ਕੰਨਾਂ ਨੂੰ ਹੱਥ ਲਵਾ ਕੇ ਅਸੀਂ ਅੱਗੇ ਤੇ ਕੋਈ ਅਜਿਹਾ ਕੰਮ ਨਹੀਂ ਕਰਾਂਗੇ, ਜਿਸ ਨਾਲ ਅਜਿਹੇ ਹਾਲਾਤ ਫਿਰ ਪੈਦਾ ਹੋਣ। ਅੱਜ ਸਵੱਛ ਭਾਰਤ ਜ਼ੋ ਸਵੱਛ ਵਾਤਾਵਰਣ ਪ੍ਰਦੂਸ਼ਮਨ ਮੁਕਤ ਪਲਾਸਟਿਕ ਮੁਕਤ ਸਮਾਜ ਦੀ ਸਿਰਜਨਾ ਕਰਨ ਲਈ ਆਕਸੀਜਨ ਦੀ ਕਮੀ ਨੂੰ ਦੂਰ ਕਰਨ ਲਈ ਹਰ ਮਨੁੱਖ ਲਾਵੇ ਇਕ ਰੁੱਖ ਨੂੰ ਹਰ ਤਿਉਹਾਰ ਨਾਲ ਜ਼ੋੜ ਇਕ ਅਨਿਖੜਵਾ ਅੰਗ ਬਨਾ ਇਸ ਤੇ ਅਮਲ ਕਰਨ, ਕਰਵਾਉਣ ਦਾ ਬੀੜਾ ਚੁੱਕੀਏ, ਜ਼ੋ ਅੱਜ ਮੁਹਿੰਮ ਨੂੰ ਅੱਗੇ ਤੋਰਦੇ ਹੋਏ ਰੋਜ਼ਾਨਾ ਸ੍ਰੀ ਪੀ.ਸੀ ਕੁਮਾਰ ਮੁੱਖ ਸਮਾਜ ਸੇਵਕ ਸੇਵਾ ਮੁਕਤ ਮਾਸ ਮੀਡੀਆ ਸਿਹਤ ਵਿਭਾਗ ਸੀਨੀਅਰ ਸਿਟੀਜਨ, ਸਾਬਕਾ ਪ੍ਰਧਾਨ ਨਗਰ ਕੌਂਸਲ, ਸਮਾਜ ਸੁਧਾਰਕ ਆਪਣੇ ਸਹਿਯੋਗੀਆਂ ਔਮ ਪ੍ਰਕਾਸ਼, ਅਸ਼ਵਨੀ ਕੁਮਾਰ, ਡੀ.ਕੇ ਬਜਾਜ, ਰਜਨੀਸ਼ ਕਪੂਰ ਅਦਿ ਦੁਆਰਾ ਦੂਜੀਆਂ ਸੇਵਾਵਾਂ ਨਾਲ ਇਸ ਸੇਵਾ ਨੂੰ ਭਰਵਾ ਹੁੰਗਾਰਾ ਮਿਲ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਪਿੰਡ ਈਸੀ ਵਿਖੇ ਤੀਆਂ ਦਾ ਤਿਉਹਾਰ ਮਨਾਇਆ ਗਿਆ

# ਸਾਡੀਆਂ ਬੱਚੀਆਂ ਵੀ ਸਮਾਜ ਵਿੱਚ ਵੱਡੀਆਂ ਮੱਲਾਂ ਮਾਰ ਰਹੀਆਂ ਹਨ : ਬਲਵੀਰ ਸਿੰਘ ਈਸੀ



**ਧੂਰੀ, (ਰਣਜੀਤ ਸਿੰਘ ਪੇਧਨੀ )**-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ, ਉੱਘੇ ਸਮਾਜ ਸੇਵੀ ਸ ਬਲਬੀਰ ਸਿੰਘ ਈਸੀ ਦੀ ਅਗਵਾਈ ਹੇਠ ਪਿੰਡ ਈਸੀ ਵਿਖੇ ਤੀਆਂ ਦਾ ਤਿਉਹਾਰ ਬੜੀ ਹੀ ਸਰਧਾ ਭਾਵਨਾ ਨਾਲ ਮਨਾਇਆ ਗਿਆ।ਇਸ ਮੌਕੇ ਚੋਣਵੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਲਵੀਰ ਸਿੰਘ ਈਸੀ ਨੇ ਕਿਹਾ ਕਿ ਧੀਆਂ ਵੱਲੋਂ ਹਰ ਖੇਤਰ ਵਿੱਚ ਵੱਡੀਆਂ ਮੱਲਾਂ ਮਾਰ ਕੇ ਨਾ ਕੇਵਲ ਆਪਣੇ ਮਾਪਿਆਂ ਬਲਕਿ ਸੂਬੇ ਅਤੇ ਦੇਸ਼ ਦਾ ਨਾਮ ਵੀ ਰੌਸ਼ਨ ਕੀਤਾ ਜਾ ਰਿਹਾ ਹੈ । ਉਨ੍ਹਾਂ ਕਿਹਾ ਕਿ ਧੀਆਂ ਅੱਜ ਕਿਸੇ ਵੀ ਖੇਤਰ ਵਿੱਚ ਪਿੱਛੇ ਨਹੀਂ ਹਨ ਅਤੇ ਪੰਜਾਬ ਸਰਕਾਰ ਵੱਲੋਂ ਵੀ ਬੇਟੀਆਂ ਨੂੰ ਹਰ ਖੇਤਰ ਵਿੱਚ ਬਣਦਾ ਮਾਣ ਸਤਿਕਾਰ ਦੇਣ ਲਈ ਅਹਿਮ ਉਪਰਾਲੇ ਕੀਤੇ ਜਾ ਰਹੇ ਹਨ।ਉਹਨਾਂ ਕਿਹਾ ਕਿ ਬੇਟੀ ਬਚਾਓ ਬੇਟੀ ਪੜ੍ਹਾਓ ਮੁਹਿੰਮ ਤਹਿਤ ਜਿੱਥੇ ਪੰਜਾਬ ਵਿੱਚ ਲੜਕੀਆਂ ਦੀ ਅਨੁਪਾਤ ਦਰ ਵਧਾਉਣ ਦੇ ਦਿਸ਼ਾ ਵਿੱਚ ਯਤਨ ਕਰ ਰਹੇ ਹਾਂ ਓਥੇ ਹੀ ਸਾਡੀਆਂ ਬੱਚੀਆਂ ਵੀ ਆਪਣੀ ਮਿਹਨਤ ਅਤੇ ਲਗਨ ਨਾਲ ਵੱਡੀਆਂ ਮੱਲਾਂ ਮਾਰ ਰਹੀਆਂ ਹਨ। ਉਹਨਾਂ ਕਿਹਾ ਕਿ ਮਾਪਿਆਂ ਅਤੇ ਸਮਾਜ ਨੂੰ ਵੀ ਬੇਟੀਆਂ ਨੂੰ ਬੇਟਿਆਂ ਦੇ ਬਰਾਬਰ ਅਧਿਕਾਰ ਦੇਣੇ ਚਾਹੀਦੇ ਹਨ ਅਤੇ ਇਸ ਸਬੰਧ ਵਿਚ ਕੋਈ ਭੇਦ ਭਾਵ ਨਹੀਂ ਕਰਨਾ ਚਾਹੀਦਾ। ਇਸ ਮੌਕੇ ਬਲਵੀਰ ਸਿੰਘ ਈਸੀ ਵੱਲੋਂ ਆਈਆਂ ਪਿੰਡ ਦੀਆਂ ਕੁੜੀਆ ਨੂੰ ਵਿਸ਼ੇਸ ਸਨਮਾਨ ਕੀਤਾ ਗਿਆ ।

## ਰੋਟਰੀ ਕਲੱਬ ਵਲੋ ਬੀ ਬੀ ਕੇ ਡੀ ਏ ਵੀ ਸਕੂਲ ਵਿਖੇ

# ਰੁੱਖ ਲਗਾਉਣ ਅਤੇ ਅੱਖਾਂ ਦੀ ਜਾਂਚ ਕੈਂਪ ਲਗਾਇਆ



**ਚੌਕ ਮਹਿਤਾ, 20 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿਹਤ ਅਤੇ ਵਾਤਾਵਰਣ 'ਤੇ ਕੇਂਦਰਿਤ ਦੋਹਰੀ ਪਹਿਲਕਦਮੀ ਦੇ ਤਹਿਤ, ਰੋਟਰੀ ਕਲੱਬ ਅੰਮ੍ਰਿਤਸਰ ਕੈਂਟ ਨੇ ਯਾਸੀਨ ਰੋਡ, ਅੰਮ੍ਰਿਤਸਰ 'ਤੇ ਗਰੀਬ ਬੱਚਿਆਂ ਲਈ ਬੀ.ਬੀ.ਕੇ ਡੀ.ਏ.ਵੀ ਸਕੂਲ ਵਿਖੇ ਆਪਣਾ ਤੀਜਾ ਰੁੱਖ ਲਗਾਉਣ ਅਤੇ ਅੱਖਾਂ ਦਾ ਜਾਂਚ ਕੈਂਪ ਲਗਾਇਆ। ਇਸ ਮੌਕੇ ਡਾ: ਕੁੰਵਰ ਵਿਜੇ ਪ੍ਰਤਾਪ ਸਿੰਘ, ਵਿਧਾਇਕ ਉੱਤਰੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਡੀਏਵੀ ਸਕੂਲ, ਲਾਰੈਂਸ ਰੋਡ ਦੀ ਪ੍ਰਿੰਸੀਪਲ ਪੱਲਵੀ ਸੇਠ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ ਗੁੰਬਰ ਆਈ ਕੇਅਰ ਸੈਂਟਰ ਦੀ ਟੀਮ ਨੇ ਆਰਟੀਐਨ ਪੀਪੀ ਡਾ. ਗੁੰਬਰ ਦੀ ਅਗਵਾਈ ਵਿੱਚ 100 ਦੇ ਕਰੀਬ ਬੱਚਿਆਂ ਦੀਆਂ ਅੱਖਾਂ ਦੀ ਜਾਂਚ ਕੀਤੀ ਡਾ. ਗੁੰਬਰ ਨੇ ਘੋਸ਼ਣਾ ਕੀਤੀ ਕਿ 25 ਅੱਖਾਂ ਦੀ ਕਮਜ਼ੋਰੀ ਵਾਲੇ ਬੱਚਿਆਂ ਨੂੰ ਠੀਕ ਕਰਨ ਵਾਲੀਆਂ ਐਨਕਾਂ ਦਿੱਤੀਆਂ ਜਾਣਗੀਆਂ ਆਰ ਟੀ ਐਨ ਡਾ.ਅਮਰਜੀਤ ਸਿੰਘ ਸਚਦੇਵਾ ਨੇ ਬੋਲਦੇ ਹੋਏ ਵਾਤਾਵਰਨ ਦੀ ਸੰਭਾਲ ਅਤੇ ਸਿਹਤਮੰਦ ਦ੍ਰਿਸ਼ਟੀ ਦੋਵਾਂ ਦੀ ਮਹੱਤਤਾ ਨੂੰ ਉਜਾਗਰ ਕਰਦੇ ਹੋਏ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਕੁਦਰਤ ਦੀ ਸੁੰਦਰਤਾ ਦਾ ਆਨੰਦ ਲੈਣ ਲਈ ਚੰਗੀ ਨਜ਼ਰ ਦੀ ਲੋੜ ਹੁੰਦੀ ਹੈ ਦੋਵਾਂ ਪਹਿਲਕਦਮੀਆਂ ਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਹਰੇ ਭਰੇ ਅਤੇ ਸਿਹਤਮੰਦ ਭਵਿੱਖ ਨੂੰ ਉਤਸ਼ਾਹਿਤ ਕਰਨ ਲਈ ਜੋੜਿਆ ਗਿਆ ਸੀ ਡਾ: ਸਚਦੇਵਾ ਨੇ ਕਲੱਬ ਵੱਲੋਂ ਸਕੂਲ ਨੂੰ ਪੰਜ ਸੀਸੀਟੀਵੀ ਕੈਮਰੇ ਦਾਨ ਕਰਨ ਦੀ ਯੋਜਨਾ ਦਾ ਵੀ ਖੁਲਾਸਾ ਕੀਤਾ ਆਪਣੇ ਭਾਸ਼ਣ ਵਿੱਚ, ਡਾ. ਕੁੰਵਰ ਵਿਜੇ ਪ੍ਰਤਾਪ ਸਿੰਘ ਨੇ ਡਾ. ਸਚਦੇਵਾ ਦੀ ਅਗਵਾਈ ਵਿੱਚ ਰੋਟਰੀ ਕਲੱਬ ਅੰਮ੍ਰਿਤਸਰ ਕੈਂਟ ਦੇ ਸਮਾਜਿਕ ਕਾਰਜਾਂ ਦੀ ਸ਼ਲਾਘਾ ਕੀਤੀ ਸਮਾਗਮ ਦੀ ਸਮਾਪਤੀ ਰੋਟਰੀ ਕਲੱਬ ਅੰਮ੍ਰਿਤਸਰ ਕੈਂਟ ਅਤੇ ਸਕੂਲ ਮੈਨੇਜਮੈਂਟ ਵੱਲੋਂ ਮੁੱਖ ਮਹਿਮਾਨ ਅਤੇ ਡਾ: ਗੁੰਬਰ ਨੂੰ ਸਨਮਾਨਿਤ ਕਰਨ ਉਪਰੰਤ ਬੱਚਿਆਂ ਨੂੰ ਰਿਫਰੈਸ਼ਮੈਂਟ ਦੇ ਕੇ ਕੀਤੀ ਗਈ ਇਸ ਸਮਾਗਮ ਵਿੱਚ ਆਰਟੀਐਨ ਐਚਐਸ ਜੋਗੀ ਜ਼ੋਨਲ ਚੇਅਰਮੈਨ ਆਰਟੀਐਨ ਉਪਕਾਰ ਸਿੰਘ, ਆਰਟੀਐਨ ਪੀਪੀ ਮਨਦੀਪ, ਆਰਟੀਐਨ ਪੀਪੀ ਏਐਸ ਤੁਲੀ, ਆਰਟੀਐਨ ਡਾ. ਨਵੀਨ ਪਾਂਧੀ, ਆਰਟੀਐਨ ਪੀਪੀ ਰੁਪਿੰਦਰ ਕਟਾਰੀਆ, ਆਰਟੀਐਨ ਪੀਪੀ ਰਿਪੂ ਦਮਨ ਮਲਹੋਤਰਾ, ਆਰਟੀਐਨ ਅੰਕੁਰ ਗੁਪਤਾ, ਆਰਟੀਐਨ ਸਮੇਤ ਕਈ ਪ੍ਰਮੁੱਖ ਸ਼ਖਸੀਅਤਾਂ ਨੇ ਸ਼ਿਰਕਤ ਕੀਤੀ ਇਸ ਮੌਕੇ ਟੀ.ਐਸ ਸੋਖੀ, ਸੌਰਭ ਸ਼ਰਮਾ, ਡਾ. ਹਰਪ੍ਰੀਤ ਕੌਰ ਪਵਨ ਕੁਮਾਰ, ਆਰ.ਟੀ.ਐਨ. ਅਵਲੀਨ ਸਚਦੇਵਾ, ਆਰ.ਟੀ.ਐਨ. ਜਗਜੀਤ ਸਿੰਘ, ਆਰ.ਟੀ.ਐਨ. ਸੁਦਰਸ਼ਨ ਕਪੂਰ ਜੀ, ਪ੍ਰ: ਤਰੁਣਦੀਪ ਕੌਰ, ਰਾਜੀਵ ਅਨੇਜਾ, ਅਤੇ ਹੋਰ ਹਾਜ਼ਰ ਸਨ।


ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243


# ਖਾਲਸਾ ਸਕੂਲ ਵਿੱਚ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਦਾ ਜਨਮ ਦਿਹਾੜਾ ਮਨਾਇਆ ਗਿਆ



**ਫ਼ਿਰੋਜ਼ਪੁਰ, 20 ਅਗਸਤ (ਮਨੋਹਰ ਲਾਲ)** :— ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿੱਚ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦਾ ਜਨਮ ਦਿਹਾੜਾ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਵੱਲੋਂ ਕਵਿਤਾ ਕਵੀਸ਼ਰੀ ਅਤੇ ਸ਼ਬਦ ਗਾਇਨ ਕੀਤਾ ਗਿਆ। ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਨੇ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਦੇ ਜੀਵਨ ਬਾਰੇ ਵਿਦਿਆਰਥੀਆਂ ਨੂੰ ਦੱਸਿਆ ਅਤੇ ਇਹ ਕਿਹਾ ਕਿ ਸਾਨੂੰ ਮਾਣ ਹੋਣਾ ਚਾਹੀਦਾ ਹੈ ਕਿ ਸਿੱਖ ਕੌਮ ਦੀ ਮਹਾਨ ਸ਼ਖ਼ਸੀਅਤ ਦੇ ਨਾਮ ਤੇ ਚੱਲ ਰਹੇ ਸਕੂਲ ਵਿਚ ਸਾਨੂੰ ਪੜ੍ਹ ਤੇ ਪੜਾਉਣ ਦਾ ਮੌਕਾ ਮਿਲਿਆ ਹੈ, ਸਾਨੂੰ ਮਹਾਂਪੁਰਖਾਂ ਦੀਆਂ ਸਿੱਖਿਆਵਾਂ ਤੋਂ ਸਿੱਖਿਆ ਲੈ ਕੇ ਆਪਣੇ ਜੀਵਨ ਨੂੰ ਸਫਲ ਬਣਾਉਣਾ ਚਾਹੀਦਾ ਹੈ। ਇਸ ਮੌਕੇ ਸਕੂਲ ਦੇ ਵਿਦਿਆਰਥੀ ਅਤੇ ਸਮੁੱਚਾ ਸਟਾਫ ਹਾਜਰ ਸੀ।

# ਵਿਸ਼ਵ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਦੇ ਪ੍ਰਧਾਨ ਹਰਪਾਲ ਸਿੰਘ ਭੁੱਲਰ ਦੇ ਅਕਾਲ ਚਲਾਣੇ ਤੇ ਬਰਮਿੰਘਮ ਯੂ.ਕੇ ਦੀ ਸੰਗਤਾਂ ਵੱਲੋਂ ਦੁੱਖ ਦਾ ਪ੍ਰਗਟਾਵਾ



**ਫ਼ਿਰੋਜ਼ਪੁਰ, 20 ਅਗਸਤ (ਮਨੋਹਰ ਲਾਲ)** :— ਜ਼ਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਨੇ ਵਿਸ਼ਵ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਦੇ ਪ੍ਰਧਾਨ ਹਰਪਾਲ ਸਿੰਘ ਭੁੱਲਰ ਦੇ ਅੱਜ ਅਕਾਲ ਚਲਾਣੇ ਤੇ ਬਰਮਿੰਘਮ ਯੂ.ਕੇ ਦੀਆਂ ਸੰਗਤਾਂ ਵੱਲੋਂ ਦੁੱਖ ਦਾ ਪ੍ਰਗਟਾਵਾ ਕਰਦਿਆਂ ਆਖਿਆ ਕਿ ਭਾਈ ਹਰਪਾਲ ਸਿੰਘ ਭੁੱਲਰ ਜ਼ੋ ਕਿ 75 ਸਾਲ ਦੇ ਸਨ ਅਤੇ ਕਾਫੀ ਸਮੇਂ ਤੋਂ ਬਿਮਾਰ ਸਨ, ਜਿਸ ਦੀ ਦਵਾਈ ਅਸੀਂ ਹਰ ਮਹੀਨੇ ਭੇਜਦੇ ਸੀ ਅਤੇ ਉਹ ਹੁਣ ਤੱਕ 875 ਤੋਂ ਵੱਧ ਲੜਕੀਆਂ ਦੇ ਵਿਆਹ ਕਰਵਾਉਣ ਦਾ ਕਾਰਜ ਕਰ ਚੁੱਕੇ ਹਨ ਅਤੇ ਸ੍ਰੀ ਹਰਪਾਲ ਸਿੰਘ ਭੁੱਲਰ ਨੇ ਆਪਣੀ ਸਾਰੀ ਜਿੰਦਗੀ ਧਾਰਮਿਕ ਸਮਾਗਮ ਕਰਵਾਉਣ, ਲੜਕੀਆਂ ਦੇ ਵਿਆਹ ਕਰਵਾਉਣ ਅਤੇ ਸਮਾਜਿਕ ਕਦਰਾਂ—ਕੀਮਤਾਂ ਦੀ ਸਾਂਭ—ਸੰਭਾਲ ਲਈ ਹੀ ਕਾਰਜ ਕੀਤੇ ਹਨ, ਜ਼ੋ ਰਹਿੰਦੀ ਦੁਨਿਆਂ ਤੱਕ ਯਾਦ ਰਹਿਣਗੇ।

# ਪੰਜਾਬ ਰਾਜ ਵਣ ਵਿਕਾਸ ਨਿਗਮ ਦੇ ਪੈਨਸ਼ਨਰਾਂ ਦੀ ਹੋਈ ਕੈਬਨਿਟ ਮੰਤਰੀ ਨਾਲ ਮੀਟਿੰਗ

**ਫ਼ਿਰੋਜ਼ਪੁਰ, 20 ਅਗਸਤ (ਮਨੋਹਰ ਲਾਲ)** :— ਮੁਲਾਜ਼ਮਾਂ ਨੂੰ ਦਰਪੇਸ਼ ਆ ਰਹੀਆਂ ਸਮੱਸਿਆਵਾਂ ਦੇ ਚਲਦਿਆਂ ਅੱਜ ਪੰਜਾਬ ਰਾਜ ਵਣ ਵਿਕਾਸ ਨਿਗਮ ਲਿਮਟਿਡ ਦੇ ਕਰਮਚਾਰੀਆਂ ਅਤੇ ਪੈਨਸ਼ਨਰਾਂ ਦੀ ਕੈਬਨਿਟ ਮੰਤਰੀ ਨਾਲ ਹੋਈ ਮੀਟਿੰਗ। ਇਸ ਦੌਰਾਨ ਵਿਭਾਗ ਦੇ ਕਰਮਚਾਰੀਆਂ ਅਤੇ ਪੈਨਸ਼ਨਰਾਂ ਦੇ ਮੈਡੀਕਲ ਬਿੱਲਾਂ ਦੀ ਅਦਾਇਗੀ ਸਬੰਧੀ ਸੂਬਾ ਪ੍ਰਧਾਨ ਜਗਤਾਰ ਸਿੰਘ ਸਰਵਾਣਾ ਪੰਜਾਬ ਸੇਵਾ ਮੁਕਤ ਵਣ ਸੇਵਾਵਾਂ ਐਸੋਸੀਏਸ਼ਨ ਦੀ ਇਸ ਮੀਟਿੰਗ ਦੀ ਅਗਵਾਈ ਕਰਦਿਆਂ ਵਣ ਮੰਤਰੀ ਪੰਜਾਬ ਨੂੰ ਮੁਲਾਜ਼ਮਾਂ ਦੀਆਂ ਸਮੱਸਿਆਵਾਂ ਬਾਰੇ ਜਾਣੂ ਕਰਵਾਇਆ। ਆਗੂਆਂ ਨੇ ਦੱਸਿਆ ਕਿ ਇਸ ਦੌਰਾਨ ਵਣ ਨਿਗਮ ਦੇ ਬਹੁਤ ਸਾਰੇ ਪੈਨਸ਼ਨਰ ਸ਼ਾਮਲ ਹੋਏ ਅਤੇ ਮੀਟਿੰਗ ਵਿਚ ਵਣ ਵਿਭਾਗ ਅਤੇ ਵਣ ਨਿਗਮ ਦੇ ਉੱਚ ਅਧਿਕਾਰੀ ਜਿਨ੍ਹਾਂ ਵਿਚ ਪ੍ਰਧਾਨ ਮੁੱਖ ਵਣ ਪਾਲ ਪੰਜਾਬ ਆਰ.ਕੇ ਮਿਸ਼ਰਾ, ਧਰਮਿੰਦਰ ਸ਼ਰਮਾ, ਪਰਵੀਨ ਕੁਮਾਰ ਸਾਰੇ ਆਈ.ਐਫ.ਐਸ ਆਦਿ ਵੀ ਹਾਜ਼ਰ ਸਨ। ਮੀਟਿੰਗ ਵਿਚ ਵਣ ਨਿਗਮ ਦੇ ਕਰਮਚਾਰੀਆਂ ਅਤੇ ਪੈਨਸ਼ਨਰਾਂ ਦੇ ਮੈਡੀਕਲ ਬਿੱਲਾਂ ਦੀ ਅਦਾਇਗੀ ਸਬੰਧੀ ਵਿਚਾਰ—ਵਟਾਂਦਰਾ ਉਪਰੰਤ ਮਾਣਯੋਗ ਵਣ ਮੰਤਰੀ ਦੇ ਆਦੇਸ਼ ਤੇ ਮੈਡੀਕਲ ਬਿੱਲਾਂ ਦੀ ਅਦਾਇਗੀ ਸਬੰਧੀ ਲੋੜੀਂਦੀ ਕਾਰਵਾਈ ਆਰੰਭ ਕਰ ਦਿੱਤੀ ਹੈ ਅਤੇ ਵਣ ਨਿਗਮ ਵਿਚ 1983 ਤੋਂ ਸੇਵਾ ਮੁਕਤ ਹੋਣ ਵਾਲੇ ਕਰਮਚਾਰੀਆਂ ਦੀ ਸੂਚੀ ਤਿਆਰ ਕਰਨ ਦੇ ਆਦੇਸ਼ ਦਿੱਤੇ ਗਏ ਹਨ। ਇਹ ਵੀ ਹਦਾਇਤ ਕੀਤੀ ਗਈ ਕਿ ਗਲਤ ਸੂਚਨਾ ਦੇਣ ਵਾਲੇ ਅਧਿਕਾਰੀ ਜਿੰਮੇਵਾਰ ਹੋਣਗੇ। ਗੱਲਬਾਤ ਕਰਦਿਆਂ ਜਗਤਾਰ ਸਿੰਘ ਪ੍ਰਧਾਨ ਪੰਜਾਬ ਫੋਰੈਸਟ ਪੈਨਸ਼ਨਰ ਐਸੋਸੀਏਸ਼ਨ ਨੇ ਸਮੂਹ ਵਣ ਨਿਗਮ ਦੇ ਸਾਥੀਆਂ ਨੂੰ ਅਪੀਲ ਕੀਤੀ ਕਿ 13 ਅਗਸਤ 2024 ਨੂੰ ਪਹਿਲੀਆਂ ਕਮੇਟੀਆਂ ਭੰਗ ਕਰਕੇ ਸੂਬਾ ਪੱਧਰੀ ਇਕ 13 ਮੈਂਬਰੀ ਕਮੇਟੀ ਕਾਇਮ ਕੀਤੀ ਗਈ ਹੈ, ਇਸ ਲਈ ਸਾਰੇ ਵਣ ਨਿਗਮ ਦੇ ਸਾਥੀ ਇਸ 13 ਮੈਂਬਰੀ ਕਮੇਟੀ ਦੇ ਮੈਂਬਰ ਬਣੇ ਰਹਿਣਗੇ ਅਤੇ ਮੰਗਾਂ ਦੀ ਪ੍ਰਾਪਤੀ ਤੱਕ ਪੰਜਾਬ ਫੋਰੈਸਟ ਪੈਨਸ਼ਨਰ ਐਸੋਸੀਏਸ਼ਨ ਦੇ ਐਕਸ਼ਨ ਮੀਟਿੰਗਾਂ ਵਿਚ ਵੱਧ ਚੜ੍ਹ ਕੇ ਹਿੱਸਾ ਲੈਣ।

# ਗੁਰਪ੍ਰੀਤ ਸਿੰਘ ਗਿੱਲ ਨੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ), ਗੁਰਦਾਸਪੁਰ ਵਜੋਂ ਅਹੁਦਾ ਸੰਭਾਲਿਆ



**ਗੁਰਦਾਸਪੁਰ ਸ਼੍ਰੀ ਹਰਗੋਬਿੰਦਪੁਰ ਸਾਹਿਬ ਜੀ, 20 ਅਗਸਤ ਕੁਲਜੀਤ ਸਿੰਘ ਖੋਖਰ** -ਸ੍ਰੀ ਗੁਰਪ੍ਰੀਤ ਸਿੰਘ ਗਿੱਲ ਨੇ ਅੱਜ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ), ਗੁਰਦਾਸਪੁਰ ਵਜੋਂ ਆਪਣਾ ਅਹੁਦਾ ਸੰਭਾਲ ਲਿਆ ਹੈ। ਉਹ ਇਸ ਤੋਂ ਪਹਿਲਾਂ ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਵਜੋਂ ਸੇਵਾਵਾਂ ਨਿਭਾ ਰਹੇ ਸਨ। ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਗੁਰਦਾਸਪੁਰ ਵਜੋਂ ਅਹੁਦਾ ਸੰਭਾਲਣ ਤੋਂ ਬਾਅਦ ਸ੍ਰੀ ਗੁਰਪ੍ਰੀਤ ਸਿੰਘ ਗਿੱਲ ਨੇ ਕਿਹਾ ਕਿ ਉਹ ਆਪਣੀ ਇਸ ਜ਼ਿੰਮੇਵਾਰੀ ਨੂੰ ਪੂਰੀ ਮਿਹਨਤ, ਲਗਨ ਅਤੇ ਇਮਾਨਦਾਰੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਤੇ ਡਿਪਟੀ ਕਮਿਸ਼ਨਰ ਸ੍ਰੀ ਉਮਾ ਸ਼ੰਕਰ ਗੁਪਤਾ ਦੀ ਅਗਵਾਈ ਹੇਠ ਜ਼ਿਲ੍ਹਾ ਗੁਰਦਾਸਪੁਰ ਦੇ ਦਿਹਾਤੀ ਖੇਤਰ ਦੇ ਸਰਬਪੱਖੀ ਵਿਕਾਸ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਦੇ ਸਟਾਫ਼ ਅਤੇ ਪੰਚਾਇਤ ਵਿਭਾਗ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਸ੍ਰੀ ਗੁਰਪ੍ਰੀਤ ਸਿੰਘ ਗਿੱਲ ਦਾ ਨਿੱਘਾ ਸਵਾਗਤ ਕੀਤਾ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਮਹਾਨ ਗੁਰਮਤਿ ਸਮਾਗਮ



☛ ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲੱਗ ਕੇ ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਨਿਭਾਈ ਜਾਵੇਗੀ। ☛ ਸਮੂਹ ਸ਼ਹੀਦਾਂ ਦੀ ਯਾਦ ਅਤੇ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ਼੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਭਿੰਡਰਾਂਵਾਲਿਆਂ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ।

ਸ਼ੁੱਕਰਵਾਰ 23 ਅਗਸਤ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭ ਹੋਵੇਗੀ ਅਤੇ 25 ਅਗਸਤ ਐਤਵਾਰ ਨੂੰ ਸੰਪੂਰਨ ਭੋਗ ਪੈਣਗੇ।

• ਸ਼ਨਿੱਚਰਵਾਰ 24 ਅਗਸਤ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ • ਐਤਵਾਰ 25 ਅਗਸਤ 2024 ਨੂੰ 6:30 ਵਜੇ ਸਵੇਰੇ ਚੁਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਕਵੀਸ਼ਰੀ ਜਥਾ ਭਾਈ ਅਵਤਾਰ ਸਿੰਘ ਮਝੈਲ ਜਰਮਨੀ ਅਤੇ ਕਥਾਵਾਚਕ ਸਿੰਘ ਅਤੇ ਰਾਗੀ ਸਿੰਘ ਗੁਰਬਾਣੀ ਕੀਰਤਨ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਵੱਖ ਵੱਖ ਤਰ੍ਹਾਂ ਦੇ ਸਟਾਲ ਅਤੇ ਛਬੀਲ ਵੀ ਲੱਗੇਗੀ ☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ, ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

**ਜੀਵਨ ਜੁਗਤਿ ਸਮਾਗਮ 'ਚ 'ਗੁਰਬਾਣੀ ਵਿੱਚ ਸਿੱਖੀ ਜੀਵਨ ਜਾਚ' ਵਿਸ਼ੇ 'ਤੇ ਲੈਕਚਰ ਤੋਂ ਉਪਰੰਤ**

# ਸਿੱਖ ਵਿਦਵਾਨ ਜੌਹਲ ਦਾ ਵਿਸ਼ੇਸ਼ ਸਨਮਾਨ





**ਜਲੰਧਰ, 20 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 4 ਸਤੰਬਰ ਨੂੰ ਆ ਰਹੇ ਪਹਿਲੇ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਚੱਲ ਰਹੇ 'ਜੀਵਨ ਜੁਗਤਿ ਸਮਾਗਮ' ਸਮੇਂ 'ਗੁਰਬਾਣੀ 'ਚ ਸਿੱਖੀ ਜੀਵਨ ਜਾਚ' ਦੇ ਵਿਸ਼ੇ 'ਤੇ ਪ੍ਰਸਿੱਧ ਵਿਦਵਾਨ, ਸਿੱਖ ਚਿੰਤਕ ਤੇ ਬੁਲਾਰੇ ਭਗਵਾਨ ਸਿੰਘ ਜੌਹਲ ਨੇ ਸ. ਸੰਤੋਖਸਰ (ਟਾਹਲੀ ਸਾਹਿਬ, ਅੰਮ੍ਰਿਤਸਰ) ਵਿਖੇ ਵਿਸ਼ੇਸ਼ ਵਖਿਆਨ ਦਿੱਤਾ। ਇਹ ਸਮਾਗਮ ਸ਼ਬਦ ਕੀਰਤਨ ਨਾਮ ਸਿਮਰਨ ਸਤਿਸੰਗ ਸੰਸਥਾ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 35 ਜੀਵਨ ਜੁਗਤ ਸਮਾਗਮਾਂ ਦੀ ਚੱਲ ਰਹੀ ਲੜੀ ਦਾ ਹਿੱਸਾ ਸੀ। ਇਸ ਮੌਕੇ ਭਗਵਾਨ ਸਿੰਘ ਜੌਹਲ ਦਾ ਵਿਸ਼ੇਸ਼ ਸਨਮਾਨ ਇਸ ਸੰਸਥਾ ਵੱਲੋਂ ਕੀਤਾ ਗਿਆ। ਇਸ ਸਮਾਗਮ 'ਚ ਬੀਬੀ ਪ੍ਰਭਜੋਤ ਕੌਰ ਬਟਾਲਾ, ਭਾਈ ਦਲਜੀਤ ਸਿੰਘ ਅਤੇ ਗਿਆਨੀ ਜਗਦੇਵ ਸਿੰਘ ਨੇ ਵੀ ਸਮਾਗਮ ਦੌਰਾਨ ਕੀਰਤਨ ਤੇ ਕਥਾ ਦੀ ਹਾਜ਼ਰੀ ਭਰੀ। ਇਸ ਮੌਕੇ ਭਾਈ ਜਸਬੀਰ ਸਿੰਘ ਬੈਂਸ ਵਾਲੇ, ਭਾਈ ਸਤਿੰਦਰ ਸਿੰਘ ਚਾਵਲਾ, ਭਾਈ ਦਵਿੰਦਰ ਸਿੰਘ, ਅਮਰਜੀਤ ਸਿੰਘ ਅਰੋੜਾ, ਰਣਜੀਤ ਸਿੰਘ ਜੌਹਲ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਐਡੀ. ਮੈਨੇਜਰ ਬਿਕਰਮਜੀਤ ਸਿੰਘ ਵੀ ਪੁੱਜੇ ਹੋਏ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**ਜੀਵਨ ਜੁਗਤਿ ਸਮਾਗਮ ਦੌਰਾਨ ਭਗਵਾਨ ਸਿੰਘ ਜੌਹਲ ਦਾ ਸਨਮਾਨ ਕਰਦੇ ਹੋਏ ਬਿਕਰਮਜੀਤ ਸਿੰਘ ਮੈਨੇਜਰ, ਜਸਵੀਰ ਸਿੰਘ ਬੈਂਕ ਵਾਲੇ, ਜਤੰਦਿਰ ਸਿੰਘ ਚਾਵਲਾ ਅਤੇ ਪ੍ਰਬੰਧਕ।**



**ਸਰਬੱਤ ਦਾ ਭਲਾ ਟਰੱਸਟ ਵੱਲੋ ਲੋੜਵੰਦ ਵਿਧਵਾਵਾਂ ਅਪਹਾਜਾ ਨੂੰ**

# ਪੈਨਸ਼ਨ ਚੈੱਕ ਵੰਡੇ ਅਤੇ ਅਜਾਦੀ ਦਿਹਾੜੇ ਦੀ ਖ਼ੁਸੀ ਵਿੱਚ ਲੱਡੂ ਵੰਡੇ - ਇੰਜ ਸਿੱਧੂ



ਬਰਨਾਲਾ ( ਰਣਜੀਤ ਸਿੰਘ ਪੇਧਨੀ ) ਸਥਾਨਕ ਗੁਰੂ ਘਰ ਤਪ ਅਸਥਾਨ ਬੀਬੀ ਪ੍ਰਧਾਨ ਕੌਰ ਵਿੱਖੇ ਤਕਰੀਬਨ 190 ਦੇ ਕਰੀਬ ਲੋੜਵੰਦ ਵਿਧਵਾਵਾਂ ਅਤੇ ਅਪਹਾਜਾ ਨੂੰ ਸਰਬੱਤ ਦਾ ਭਲਾ ਟਰੱਸਟ ਵੱਲੋ ਮਹੀਨਾ ਵਾਰ ਪੈਨਸ਼ਨ ਚੈੱਕ ਵੰਡੇ ਗਏ ਅਤੇ ਤਕਰੀਬਨ 10 ਦੇ ਕਰੀਬ ਨਵੇਂ ਫਾਰਮ ਲੋੜਵੰਦਾ ਦੇ ਭਰੇ ਗਏ।ਇਹ ਜਾਣਕਾਰੀ ਪ੍ਰੈਸ ਦੇ ਨਾ ਜਾਰੀ ਕਰਦਿਆ ਸੰਸਥਾ ਦੇ ਪ੍ਰਧਾਨ ਇੰਜ,ਗੁਰਜਿੰਦਰ ਸਿੰਘ ਸਿੱਧੂ ਨੇ ਦੱਸਿਆ ਕੇ 78ਵੇ ਅਜਾਦੀ ਦਿਹਾੜੇ ਦੀ ਖ਼ੁਸ਼ੀ ਵਿੱਚ ਸਮੂਹ ਹਾਜ਼ਰੀਨ ਨੂੰ ਲੱਡੂ ਵੰਡੇ ਗਏ ਅਤੇ ਸਿੱਧੂ ਨੇ ਅਜਾਦੀ ਦਿਹਾੜੇ ਦੀ ਮਹੱਤਤਾ ਬਾਰੇ ਚਾਨਣਾ ਪਾਇਆ ਉਹਨਾਂ ਕਿਹਾ ਕੇ ਆਓ ਇਸ ਪਵਿੱਤਰ ਦਿਹਾੜੇ ਤੇ ਪ੍ਰਣ ਕਰੀਏ ਕੇ ਸਮਾਜ ਨੂੰ ਸਿੱਖਿਅਤ ਕਰਨ ਲਈ ਅਤੇ ਸਮਾਜ ਵਿੱਚ ਪਨਪ ਰਹੀਆ ਅਲਾਮਤਾਂ ਨੂੰ ਸਾਰੇ ਮਿਲ ਕੇ ਨੱਥ ਪਾਵਾਗੇ ਕਿਉਕਿ ਇਸ ਅਜਾਦੀ ਨੂੰ ਹਾਸਲ ਕਰਨ ਲਈ ਲੱਖਾ ਦੇਸ ਭਗਤਾ ਨੇ ਆਪਣੀਆਂ ਜਾਨਾਂ ਕੁਰਬਾਨ ਕੀਤੀਆ ਹਨ ਅਤੇ ਲੱਖਾ ਹੀ ਲੋਕਾ ਨੇ ਕਲੇ ਪਾਣੀ ਅਤੇ ਹੋਰ ਜੇਲਾ ਵਿੱਚ ਕਈ ਕਈ ਵਰ੍ਹੇ ਬਤੀਤ ਕੀਤੇ ਸਨ ਸਿੱਧੂ ਨੇ ਸਮੂਹ ਹਾਜ਼ਰੀਨ ਨੂੰ ਅਜਾਦੀ ਦਿਵਸ ਦੀ ਵਧਾਈ ਦਿੱਤੀ ਇਸ ਮੌਕੇ ਵਾਰੰਟ ਅਫ਼ਸਰ ਬਲਵਿੰਦਰ ਸਿੰਘ ਢੀਂਡਸਾ ਅਵਤਾਰ ਸਿੰਘ ਭੁਰੇ ਕੁਲਵਿੰਦਰ ਸਿੰਘ ਕਾਲਾ ਗੁਰਜੰਟ ਸਿੰਘ ਸੋਨਾ ਸੂਬੇਦਾਰ ਗੁਰਜੰਟ ਸਿੰਘ ਨਾਈਵਾਲਾ ਜੱਥੇਦਾਰ ਗੁਰਮੀਤ ਸਿੰਘ ਧੌਲਾ ਹੌਲਦਾਰ ਬਸੰਤ ਸਿੰਘ ਉਗੋ ਗੁਰਦੇਵ ਸਿੰਘ ਮੱਕੜ ਜੱਥੇਦਾਰ ਗੁਰਦਰਸ਼ਨ ਸਿੰਘ ਭਾਨ ਸਿੰਘ ਮਨਜੀਤ ਕੌਰ ਅਤੇ ਸੈਕੜੇ ਲਾਭਪਾਤਰੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਮਾਨਾਂਵਾਲਾ ਟੋਲ ਪਲਾਜ਼ਾ 'ਤੇ ਡਰਾਈਵਰ ਦੀ ਗਲਤੀ ਕਾਰਨ ਲੱਗਿਆ ਵੱਡਾ ਜਾਮ ਮੌਕੇ ਤੇ ਪਹੁੰਚੇ ਪੁਲਿਸ ਅਧਿਕਾਰੀ ਪ੍ਰਭਜੀਤ ਸਿੰਘ ਨੇ ਸੂਝਬੂਝ ਨਾਲ ਮਸਲਾ ਹੱਲ ਕਰਵਾਇਆ



**ਜੰਡਿਆਲਾ ਗੁਰੂ, 20 ਅਗਸਤ (ਕੁਲਵੰਤ ਸਿੰਘ ਵਿਰਦੀ)**-ਅੱਜ ਜੰਡਿਆਲਾ ਗੁਰੂ ਦੇ ਨਜਦੀਕ ਪੈਂਦੇ ਮਾਨਾਂਵਾਲਾ ਹਾਈਵੇ ਅੰਮ੍ਰਿਤਸਰ ਜਲੰਧਰ ਰੋਡ ਦੇ ਨਿੱਜਰਪੁਰਾ ਟੌਲ ਪਲਾਜ਼ਾ ਤੇ ਸਰਕਾਰੀ ਬੱਸ ਦੇ ਡਰਾਈਵਰ ਦੀ ਗਲਤੀ ਕਾਰਨ ਤਕਰੀਬਨ ਇੱਕ ਘੰਟਾ ਜਾਮ ਲੱਗਾ ਰਿਹਾ ਬੱਸ ਡਰਾਈਵਰ ਨੇ ਟੌਲ ਪਲਾਜ਼ਾ ਕਰਮਚਾਰੀਆਂ ਨੂੰ 120 ਰੁਪਏ ਨਾ ਦੇਣ ਦੀ ਸੂਰਤ ਵਿੱਚ ਛੋਟੀ ਲਾਈਨ ਵਾਲੀ ਸਾਈਡ ਨੂੰ ਬੱਸ ਲੰਘਾਉਣ ਦੀ ਕੋਸ਼ਿਸ਼ ਕੀਤੀ ਪ੍ਰੰਤੂ ਟੌਲ ਪਲਾਜ਼ਾ ਦੇ ਕਰਮਚਾਰੀਆਂ ਨੇ ਬੱਸ ਦੇ ਅੱਗੇ ਪੱਥਰ ਸੁੱਟ ਕੇ ਸਵਾਰੀਆਂ ਨਾਲ ਭਰੀ ਬੱਸ ਨੂੰ ਰੋਕ ਲਿਆ ਜਿਸ ਦੇ ਵਿਰੋਧ ਵਜੋਂ ਉਥੋਂ ਲੰਘਦੀਆਂ ਸਰਕਾਰੀ ਬੱਸਾਂ ਦੇ ਹੋਰਨਾਂ ਡਰਾਈਵਰਾਂ ਅਤੇ ਕੰਡਕਟਰਾਂ ਨੇ ਮਾਨਾਂਵਾਲਾ ਟੌਲ ਪਲਾਜ਼ਾ ਜੀਟੀ ਰੋਡ ਤੇ ਜਾਮ ਲਗਾ ਦਿੱਤਾ ਇਸ ਦੌਰਾਨ ਦੂਰ ਦੁਰਾਡੇ ਤੋਂ ਆਈਆਂ ਸਵਾਰੀਆਂ ਨੂੰ ਭਾਰੀ ਮੁਸ਼ਿਕਲ ਦਾ ਸਾਹਮਣਾ ਕਰਨਾ ਪਿਆ ਹਾਈਵੇ ਤੋਂ ਗੁਜਰਦੀ ਐਂਬੂਲੈਂਸ ਨੂੰ ਵੀ ਟ੍ਰੈਫਿਕ ਜਾਮ ਲੱਗਣ ਕਾਰਨ ਕਾਫੀ ਮੁਸ਼ਿਕਲ ਦਾ ਸਾਹਮਣਾ ਕਰਨਾ ਪਿਆ ਕਾਫੀ ਦੇਰ ਬਾਅਦ ਟ੍ਰੈਫਿਕ ਪੁਲੀਸ ਥਾਣਾ ਜੰਡਿਆਲਾ ਗੁਰੂ ਦੇ ਅਧਿਕਾਰੀ ਮੌਕੇ ਤੇ ਪਹੁੰਚੇ ਜਿਨਾਂ ਨੇ ਇਹ ਮਾਮਲਾ ਸ਼ਾਂਤ ਕਰਵਾਇਆ ਹਾਈਵੇ ਪੁਲਿਸ ਅਧਿਕਾਰੀ ਏਐਸਆਈ ਪ੍ਰਭਜੀਤ ਸਿੰਘ ਨੇ ਆਪਣੀ ਸੂਝਬੂਝ ਨਾਲ ਮੌਕੇ ਤੇ ਹੀ ਸਰਕਾਰੀ ਬੱਸ ਡਰਾਈਵਰ ਅਤੇ ਕੰਡਕਟਰ ਕੋਲ਼ੋਂ 120 ਰੁਪਏ ਟੌਲ ਪਲਾਜ਼ਾ ਦੇ ਕਰਮਚਾਰੀਆਂ ਨੂੰ ਦਿਵਾ ਕੇ ਮਸਲਾ ਨੂੰ ਹੱਲ ਕਰਵਾਇਆ ਦਿੱਤਾ ਗਿਆ ਅਤੇ ਆਵਾਜਾਈ ਨੂੰ ਮੁੜ ਸ਼ੁਰੂ ਕਰ ਦਿੱਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਬਿਪ੍ਰਵਾਦੀਆਂ ਵਲੋਂ ਟੋਪੀ ਤੇ ਲਿਖਿਆ ਏਕਓਂਕਾਰ, ਨੌਟਿਸ ਭੇਜ ਤੁਰੰਤ ਕਾਰਵਾਈ ਕੀਤੀ : ਬੀਬੀ ਰਣਜੀਤ ਕੌਰ

## ਕੰਪਨੀ ਨੇ ਮੰਗੀ ਮੁਆਫੀ, ਦੁਕਾਨਾਂ ਅਤੇ ਵੈਬਸਾਈਟ ਤੋਂ ਹਟਾਈ ਗਈ ਕੈਪ



ਨਵੀਂ ਦਿੱਲੀ 20 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਸਿੱਖ ਪੰਥ ਦੇ ਨਾਲ ਬਿਪ੍ਰਵਾਦੀ ਤਾਕਤਾਂ ਆਪਣੀਆਂ ਚਾਲਾਂ ਨਾਲ ਕੌਮ ਨੂੰ ਵੰਗਾਰ ਪਾਈ ਰੱਖਦੇ ਹਨ । ਇਸੇ ਤਰ੍ਹਾਂ ਹੁਣ ਨਾਇਕਾ ਫੇਸ਼ਨ ਵਲੋਂ ਟੋਪੀ (ਕੈਪ) ਉਪਰ ਏਕਓਂਕਾਰ ਦਾ ਲੋਗੋ ਲਿਖਵਾ ਕੇ ਸਿੱਖ ਹਿਰਦਿਆਂ ਨੂੰ ਵਡੀ ਠੇਸ ਪਹੁੰਚਾਈ ਹੈ । ਮਾਮਲੇ ਦਾ ਪਤਾ ਲਗਦਿਆ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੀ ਮਹਿਲਾਂ ਵਿੰਗ ਦੇ ਮੁੱਖੀ ਬੀਬੀ ਰਣਜੀਤ ਕੌਰ ਨੇ ਤੁਰੰਤ ਆਪਣਾ ਕੌਮੀ ਫਰਜ਼ ਸਮਝਦਿਆ ਕੰਪਨੀ ਨੂੰ ਕਾਨੂੰਨੀ ਨੌਟਿਸ ਭੇਜ ਕੇ ਇਸ ਕੈਪ ਦੀ ਸੇਲ ਰੁਕਵਾਈ ਅਤੇ ਕੰਪਨੀ ਨੂੰ ਤੁਰੰਤ ਜਿਹੜਾ ਮਾਲ ਬਾਜ਼ਾਰ ਵਿਚ ਵੇਚਿਆ ਜਾ ਚੁੱਕਾ ਹੈ ਓਸ ਵਾਪਿਸ ਲੈਣ ਲਈ ਕਿਹਾ ਹੈ । ਉਨ੍ਹਾਂ ਵਲੋਂ ਭੇਜੇ ਗਏ ਨੌਟਿਸ ਤੇ ਕੰਪਨੀ ਨੇ ਪੰਥ ਕੋਲੋਂ ਮੁਆਫੀ ਮੰਗਦਿਆ ਇਸ ਤਰ੍ਹਾਂ ਦੀ ਗਲਤੀ ਅਗੇ ਨਾ ਹੋਣ ਬਾਰੇ ਕਿਹਾ ਹੈ ਤੇ ਉਨ੍ਹਾਂ ਨੇ ਆਪਣੀ ਵੈਬਸਾਈਟ ਅਤੇ ਦੁਕਾਨਾਂ ਤੋਂ ਇਸ ਕੈਪ ਨੂੰ ਹਟਾ ਦਿੱਤਾ ਹੈ । ਜਿਕਰਯੋਗ ਹੈ ਕਿ ਬੀਬੀ ਰਣਜੀਤ ਕੌਰ ਵਲੋਂ ਇਕ ਲੀਗਲ ਸੈਲ ਬਣਾਇਆ ਗਿਆ ਹੈ ਜੋ ਕਿ ਸਿੱਖ ਪਰਿਵਾਰਾਂ ਦੇ ਆਪਸੀ ਮਾਮਲੇ ਅਤੇ ਪੰਥ ਨਾਲ ਖਿਲਵਾੜ ਕਰਣ ਵਾਲੇ ਮਾਮਲਿਆਂ ਨੂੰ ਦੇਖਦਾ ਹੈ ਤੇ ਇਸੇ ਅਧੀਨ ਇਹ ਮਾਮਲਾ ਵੀ ਉਨ੍ਹਾਂ ਨੇ ਪਹਿਲ ਦੇ ਆਧਾਰ ਤੇ ਲੈ ਕੇ ਲੀਗਲ ਸੈਲ ਦੇ ਮੁੱਖ ਕਨਵੀਨਰ ਐਡਵੋਕੇਟ ਬੀਬੀ ਰਵਿੰਦਰ ਕੌਰ ਬਤਰਾ ਕੋਲੋਂ ਕਾਰਵਾਈ ਕਰਵਾਈ ਹੈ ।

ਆਵਾਜ਼ਿ ਕੌਮ AWAZE QAUM International Newspaper & WEB TV

# ਕੁਝ ਮਾਨਸਿਕ ਰੋਗੀਆਂ ਕਰਕੇ ਸਾਡੀਆਂ ਧੀਆਂ ਘਰੋ ਬਾਹਰ ਨਿਕਲਣ ਤੋਂ ਡਰਦੀਆਂ: ਕਮਲਜੀਤ ਕੌਰ, ਪ੍ਰਭਜੋਤ ਕੌਰ

**ਚੌਕ ਮਹਿਤਾ, 19 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਯੂਨਾਈਟਿਡ ਨਰਸਿੰਗ ਐਸੋਸੀਏਸ਼ਨ ਦੇ ਜਿਲ੍ਹਾ ਪ੍ਰਧਾਨ ਕਮਲਜੀਤ ਕੌਰ ਅਤੇ ਜਨਰਲ ਸਕੱਤਰ ਪ੍ਰਭਜੋਤ ਕੌਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਕਲਕੱਤਾ ਅਤੇ ਉਤਰਾਖੰਡ ਵਿੱਚ ਹੋਏ ਮਹਿਲਾ ਡਾਕਟਰ ਨਾਲ ਜ਼ਬਰ ਜ਼ਿਨਾਹ ਤੋ ਬਾਅਦ ਬੇਰਹਿਮੀ ਨਾਲ ਕਤਲ ਕਰਨ ਦੀ ਕੜੀ ਨਿੰਦਿਆ ਕੀਤੀ ਹੈ ਉਨ੍ਹਾਂ ਕਿਹਾ ਕਿ ਭਾਵੇਂ ਦੇਸ਼ ਅਜਾਦ ਹੋਏ ਨੂੰ 78 ਸਾਲ ਹੋ ਗਏ ਹਨ ਪ੍ਰੰਤੂ ਹਾਲੇ ਵੀ ਮਹਿਲਾਵਾਂ ਸੁਰੱਖਿਅਤ ਨਹੀਂ ਹਨ ਮਹਿਲਾਵਾਂ ਨਾਲ ਜ਼ਬਰ ਜ਼ਿਨਾਹ ਦੇ ਮਾਮਲੇ ਪਹਿਲਾ ਨਾਲੋ ਜਿਆਦਾ ਵੱਧ ਗਏ ਹਨ ਇਸ ਮੰਦਭਾਗੀ ਘਟਨਾ ਨੇ ਸਾਰਾ ਦੇਸ਼ ਹਿਲਾ ਕੇ ਰੱਖ ਦਿੱਤਾ ਹੈ ਅਜਿਹੇ ਕੁਝ ਮਾਨਸਿਕ ਰੋਗੀਆਂ ਕਰਕੇ ਅੱਜ ਸਾਡੀਆਂ ਧੀਆਂ ਘਰੋ ਬਾਹਰ ਨਿਕਲਣ ਤੋਂ ਡਰਦੀਆਂ ਹਨ ਉਹਨਾਂ ਦੋਸ਼ੀਆਂ ਵਿਰੁੱਧ ਸਖ਼ਤ ਤੋਂ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ ਹੈ ਤਾ ਜੋ ਭਵਿੱਖ ਵਿੱਚ ਕੋਈ ਅਜਿਹਾ ਕਰਨ ਦੀ ਹਿੰਮਤ ਨਾ ਕਰ ਸਕੇ।



### ਐੱਚ.ਐੱਮ.ਈ.ਐੱਲ ਨੇ ਬੱਚਿਆਂ ਵਿੱਚ ਪ੍ਰਤਿਭਾ ਨਿਖਾਰਨ ਲਈ

# ਸਰਕਾਰੀ ਸਕੂਲਾਂ ਵਿੱਚ ਡਰਾਇੰਗ ਮੁਕਾਬਲੇ ਸ਼ੁਰੂ ਕੀਤੇ



**ਤਲਵੰਡੀ ਸਾਬੋ, 20 ਅਗਸਤ (ਗੁਰਜੰਟ ਸਿੰਘ ਨਥੇਹਾ)-** ਹਿੰਦੁਸਤਾਨ ਮਿੱਤਲ ਐਨਰਜੀ ਲਿਮਟਿਡ (ਐਚਐਮਈਐਲ) ਦੇ ਪ੍ਰਬੰਧ ਹੇਠਲੀ ਸਬ ਡਵੀਜ਼ਨ ਤਲਵੰਡੀ ਸਾਬੋ ਦੇ ਪਿੰਡ ਫੁੱਲੋਖਾਰੀ ਚ ਸਥਿੱਤ ਦੇਸ਼ ਦੇ ਵੱਡੇ ਤੇਲ ਸੋਧਕ ਕਾਰਖਾਨਿਆਂ ਵਿੱਚੋਂ ਇੱਕ 'ਗੁਰੂ ਗੋਬਿੰਦ ਸਿੰਘ ਰਿਫਾਇੰਨਰੀ' ਵੱਲੋਂ ਨੇੜਲੇ ਸਰਕਾਰੀ ਸਕੂਲਾਂ ਦੇ ਬੱਚਿਆਂ ਦੀ ਪ੍ਰਤਿਭਾ ਨੂੰ

## 90 ਸਰਕਾਰੀ ਸਕੂਲਾਂ ਚ ਕਰਵਾਏ ਜਾਣ ਵਾਲੇ ਡਰਾਇੰਗ ਮੁਕਾਬਲਿਆਂ 'ਚ 17,000 ਵਿਦਿਆਰਥੀ ਲੈਣਗੇ ਹਿੱਸਾ

ਨਿਖਾਰਨ ਲਈ ਵੱਖ-ਵੱਖ ਤਰ੍ਹਾਂ ਦੇ ਮੁਕਾਬਲੇ ਕਰਵਾਏ ਜਾਂਦੇ ਹਨ। ਇਸ ਮੁਹਿੰਮ ਨੂੰ ਜਾਰੀ ਰੱਖਦੇ ਹੋਏ ਹੁਣ ਸਰਕਾਰੀ ਸਕੂਲਾਂ ਵਿੱਚ ਡਰਾਇੰਗ ਮੁਕਾਬਲੇ ਸ਼ੁਰੂ ਕੀਤੇ ਗਏ ਹਨ ਅਤੇ ਪਹਿਲੇ ਪੜਾਅ ਵਿੱਚ ਪਿੰਡ ਗਾਟਵਾਲੀ, ਗੋਲੇਵਾਲਾ, ਸੀਂਗੋ ਅਤੇ ਗੁਰੂਸਰ ਜਗਾ ਵਿਖੇ ਡਰਾਇੰਗ ਮੁਕਾਬਲੇ ਕਰਵਾਏ ਗਏ। ਰਿਫਾਇਨਰੀ ਦੀ ਮੀਡੀਆ ਟੀਮ ਵੱਲੋਂ ਇੱਥੋਂ ਜਾਰੀ ਪ੍ਰੈੱਸ ਬਿਆਨ ਰਾਹੀਂ ਦੱਸਿਆ ਗਿਆ ਕਿ ਡਰਾਇੰਗ ਮੁਕਾਬਲਿਆਂ ਚ ਸਕੂਲੀ ਬੱਚਿਆਂ ਨੇ ਰੰਗਾਂ ਨਾਲ ਕਾਗਜ਼ 'ਤੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਮੁਕਾਬਲਿਆਂ ਦੌਰਾਨ ਧਰਤੀ ਹੇਠਲੇ ਪਾਣੀ ਦੇ ਡਿੱਗ ਰਹੇ ਪੱਧਰ ਨੂੰ ਮੁੱਖ ਤੌਰ 'ਤੇ ਰੱਖਦੇ ਹੋਏ ਜਲ ਸੰਭਾਲ ਦਾ ਵਿਸ਼ਾ ਚੁਣਿਆ ਗਿਆ ਤਾਂ ਜੋ ਬੱਚਿਆਂ ਵਿੱਚ ਵੀ ਪਾਣੀ ਦੀ ਸੰਭਾਲ ਪ੍ਰਤੀ ਜਾਗਰੂਕਤਾ ਪੈਦਾ ਕੀਤੀ ਜਾ ਸਕੇ। ਇਸ ਮੌਕੇ ਪਹਿਲੇ, ਦੂਜੇ ਅਤੇ ਤੀਜੇ ਸਥਾਨ 'ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਐਚਐਮਈਐਲ ਵੱਲੋਂ ਇਨਾਮ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਮੁਕਾਬਲਿਆਂ ਦੌਰਾਨ, ਐਚਐਮਈਐਲ ਦੇ ਕਰਮਚਾਰੀਆਂ ਨੇ ਇੱਕ ਵਾਲੰਟੀਅਰ ਵਜੋਂ ਭੂਮਿਕਾ ਨਿਭਾਈ। ਇਸ ਮੌਕੇ ਗੁਰਸਰ ਜਗਾ ਪ੍ਰਾਇਮਰੀ ਸਕੂਲ ਦੀ ਹੈੱਡਮਾਸਟਰ ਮਨਦੀਪ ਕੌਰ, ਪਿੰਡ ਗੋਲੇਵਾਲਾ ਪ੍ਰਾਇਮਰੀ ਸਕੂਲ ਦੇ ਹੈੱਡਮਾਸਟਰ ਮਨਜੀਤ ਸਿੰਘ ਅਤੇ ਗਾਟਵਾਲੀ ਸਰਕਾਰੀ ਪ੍ਰਾਇਮਰੀ ਸਕੂਲ ਦੇ ਮੁੱਖ ਅਧਿਆਪਕ ਗੁਰਮੇਲ ਸਿੰਘ ਨੇ ਮੁਕਾਬਲਿਆਂ ਵਿਚ ਹੋਣਹਾਰ ਵਿਦਿਆਰਥੀਆਂ ਨੂੰ ਇਨਾਮ ਵੰਡੇ। ਸਕੂਲ ਪ੍ਰਬੰਧਕਾਂ ਨੇ ਐਚਐਮਈਐਲ ਦੇ ਯਤਨਾਂ ਦੀ ਸ਼ਲਾਘਾ ਕੀਤੀ। ਰਿਫਾਇਨਰੀ ਪ੍ਰਬੰਧਕਾਂ ਮੁਤਾਬਿਕ ਸੀਐਸਆਰ ਤਹਿਤ ਸ਼ੁਰੂ ਕੀਤੀ ਗਈ ਇਸ ਮੁਹਿੰਮ ਦੌਰਾਨ ਰਿਫਾਇਨਰੀ ਵੱਲੋਂ ਗੋਦ ਲਏ ਗਏ 59 ਪਿੰਡਾਂ ਦੇ 90 ਸਰਕਾਰੀ ਸਕੂਲਾਂ ਵਿੱਚ ਇਹ ਡਰਾਇੰਗ ਮੁਕਾਬਲੇ ਲਗਾਤਾਰ ਕਰਵਾਏ ਜਾਣਗੇ। ਇਸ ਵਿੱਚ ਸਰਕਾਰੀ ਸਕੂਲਾਂ ਦੇ ਪਹਿਲੀ ਤੋਂ 12ਵੀਂ ਜਮਾਤ ਤੱਕ ਦੇ 17,000 ਤੋਂ ਵੱਧ ਵਿਦਿਆਰਥੀ ਹਿੱਸਾ ਲੈਣਗੇ। ਹਰੇਕ ਕਲਾਸ ਦੇ ਪਹਿਲੇ, ਦੂਜੇ ਅਤੇ ਤੀਜੇ ਸਥਾਨ 'ਤੇ ਆਉਣ ਵਾਲੇ ਜੇਤੂਆਂ ਨੂੰ ਇਨਾਮ ਦਿੱਤੇ ਜਾਣਗੇ। ਉਨਾਂ ਮੁਤਾਬਿਕ ਸਰਕਾਰੀ ਸਕੂਲਾਂ ਵਿੱਚ ਕਰਵਾਏ ਜਾਣ ਵਾਲੇ ਇਨ੍ਹਾਂ ਮੁਕਾਬਲਿਆਂ ਦਾ ਮਕਸਦ ਨਾ ਸਿਰਫ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਬੱਚਿਆਂ ਦੀ ਪ੍ਰਤਿਭਾ ਨੂੰ ਉਜਾਗਰ ਕਰਨਾ ਹੈ ਬਲਕਿ ਉਨ੍ਹਾਂ ਵਿੱਚ ਮੁਕਾਬਲੇ ਦੀ ਭਾਵਨਾ ਨੂੰ ਸੁਧਾਰਨਾ ਵੀ ਹੈ ਤਾਂ ਜੋ ਉਹ ਮੁਕਾਬਲਿਆਂ ਵਿੱਚ ਹਿੱਸਾ ਲੈ ਸਕਣ ਅਤੇ ਆਪਣੇ ਸਕੂਲ ਅਤੇ ਪਿੰਡ ਦਾ ਨਾਮ ਰੌਸ਼ਨ ਕਰ ਸਕਣ।



### ਪੰਜਾਬ 'ਚ ਸੋਕੇ ਦੀ ਮਾਰ !

# ਰੈੱਡ ਤੇ ਯੈਲੋ ਜ਼ੋਨ 'ਚ ਸੂਬੇ ਦੇ 19 ਜ਼ਿਲ੍ਹੇ, ਬਠਿੰਡਾ ਤੇ ਫਤਿਹਗੜ੍ਹ ਦਾ ਬੁਰਾ ਹਾਲ

**ਚੰਡੀਗੜ੍ਹ, 20 ਅਗਸਤ (ਆਵਾਜ਼ਿ ਕੌਮ ਬਿਊਰੋ)-**ਪੰਜਾਬ 'ਚ ਇਸ ਵਾਰ ਮੌਨਸੂਨ ਮਿਹਰਬਾਨ ਨਹੀਂ ਹੋਈ। ਪੰਜਾਬ ਵਿੱਚ ਪੂਰੇ ਦੇਸ਼ ਵਿੱਚ ਸਭ ਤੋਂ ਘੱਟ ਮੀਂਹ ਦਰਜ ਕੀਤਾ ਗਿਆ ਹੈ। ਸੂਬੇ ਵਿੱਚ 1 ਜੂਨ ਤੋਂ 19 ਅਗਸਤ ਤੱਕ 35 ਫੀਸਦੀ ਘੱਟ ਮੀਂਹ ਪਿਆ ਹੈ, ਜਿਸ ਕਾਰਨ ਚਿੰਤਾਵਾਂ ਵਧ ਗਈਆਂ ਹਨ। ਮੌਸਮ ਵਿਭਾਗ ਮੁਤਾਬਕ ਪੰਜਾਬ ਵਿੱਚ ਇਨ੍ਹਾਂ ਦਿਨਾਂ ਵਿੱਚ ਔਸਤਨ 318.2 ਮਿਲੀਮੀਟਰ ਮੀਂਹ ਪੈਂਦਾ ਹੈ, ਪਰ ਹੁਣ ਤੱਕ ਸੂਬੇ ਵਿੱਚ ਸਿਰਫ਼ 208.1 ਮਿਲੀਮੀਟਰ ਮੀਂਹ ਹੀ ਪਿਆ ਹੈ। ਇਸ ਤੋਂ ਇਲਾਵਾ ਮਨੀਪੁਰ 'ਚ 31 ਫੀਸਦੀ, ਮਿਜ਼ੋਰਮ 'ਚ 25 ਫੀਸਦੀ, ਨਾਗਾਲੈਂਡ 'ਚ 26, ਬਿਹਾਰ 'ਚ 23, ਹਿਮਾਚਲ ਪ੍ਰਦੇਸ਼ 'ਚ 21 ਤੇ ਜੰਮੂ-ਕਸ਼ਮੀਰ 'ਚ 28 ਫੀਸਦੀ ਘੱਟ ਮੀਂਹ ਦਰਜ ਕੀਤਾ ਗਿਆ ਹੈ। ਮੌਸਮ ਵਿਭਾਗ ਦੇ ਅੰਕੜਿਆਂ ਮੁਤਾਬਕ ਪੰਜਾਬ ਵਿੱਚ ਬਰਸਾਤ ਦੇ ਮੌਸਮ ਵਿੱਚ 1 ਜੂਨ ਤੋਂ 19 ਅਗਸਤ ਤੱਕ 19 ਜ਼ਿਲ੍ਹਿਆਂ ਵਿੱਚ ਆਮ ਨਾਲੋਂ ਘੱਟ ਮੀਂਹ ਪਿਆ ਹੈ। ਮੌਸਮ ਵਿਭਾਗ ਨੇ ਇਨ੍ਹਾਂ ਜ਼ਿਲ੍ਹਿਆਂ ਨੂੰ ਰੈੱਡ ਤੇ ਯੈਲੋ ਜ਼ੋਨ ਵਿੱਚ ਰੱਖਿਆ ਹੈ। ਪੰਜਾਬ ਵਿੱਚ ਸਭ ਤੋਂ ਘੱਟ ਮੀਂਹ ਬਠਿੰਡਾ ਵਿੱਚ ਦਰਜ ਕੀਤਾ ਗਿਆ। ਇੱਥੇ 64 ਫੀਸਦੀ ਘੱਟ ਮੀਂਹ ਪਿਆ। ਇਸ ਤੋਂ ਇਲਾਵਾ ਫਤਿਹਗੜ੍ਹ ਸਾਹਿਬ ਵਿੱਚ 60 ਫੀਸਦੀ, ਹੁਸ਼ਿਆਰਪੁਰ ਵਿੱਚ 52 ਫੀਸਦੀ, ਐਸਏਐਸ ਨਗਰ ਵਿੱਚ 59 ਫੀਸਦੀ, ਲੁਧਿਆਣਾ ਵਿੱਚ 44 ਫੀਸਦੀ, ਜਲੰਧਰ ਵਿੱਚ 44 ਫੀਸਦੀ ਤੇ ਪਟਿਆਲਾ ਵਿੱਚ 36 ਫੀਸਦੀ ਘੱਟ ਮੀਂਹ ਪਿਆ ਹੈ। ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਤਰਨ ਤਾਰਨ ਤੇ ਫਰੀਦਕੋਟ ਅਜਿਹੇ ਜ਼ਿਲ੍ਹੇ ਹਨ ਜਿੱਥੇ ਸਥਿਤੀ ਆਮ ਵਾਂਗ ਹੈ। ਪਠਾਨਕੋਟ ਤੇ ਤਰਨ ਤਾਰਨ ਵਿੱਚ ਆਮ ਨਾਲੋਂ 19 ਫੀਸਦੀ ਵੱਧ ਮੀਂਹ ਦਰਜ ਕੀਤਾ ਗਿਆ ਹੈ। ਉਂਝ ਪੰਜਾਬ ਵਿੱਚ ਮਾਨਸੂਨ ਇੱਕ ਵਾਰ ਫਿਰ ਸਰਗਰਮ ਹੋਇਆ ਹੈ। ਮੌਸਮ ਵਿਭਾਗ ਨੇ ਤਿੰਨ ਜ਼ਿਲ੍ਹਿਆਂ ਪਟਿਆਲਾ, ਮੋਹਾਲੀ ਤੇ ਫਤਿਹਗੜ੍ਹ ਸਾਹਿਬ ਵਿੱਚ ਫਲੈਸ਼ ਅਲਰਟ ਜਾਰੀ ਕੀਤਾ ਹੈ। ਇਸ ਅਨੁਸਾਰ 2 ਵਜੇ ਤੱਕ ਮੀਂਹ ਪੈਣ ਦੀ ਸੰਭਾਵਨਾ ਹੈ। ਸੋਮਵਾਰ ਨੂੰ ਹੋਈ ਬਾਰਸ਼ ਤੋਂ ਬਾਅਦ ਤਾਪਮਾਨ 'ਚ 1.3 ਡਿਗਰੀ ਦੀ ਗਿਰਾਵਟ ਦੇਖਣ ਨੂੰ ਮਿਲੀ। ਪਿਛਲੇ 24 ਘੰਟਿਆਂ ਦੌਰਾਨ ਪੰਜਾਬ ਦੇ ਪਠਾਨਕੋਟ ਵਿੱਚ 137 ਮਿਲੀਮੀਟਰ, ਲੁਧਿਆਣਾ ਵਿੱਚ 40 ਮਿਲੀਮੀਟਰ, ਬਠਿੰਡਾ ਵਿੱਚ 20 ਤੇ ਬਰਨਾਲਾ ਵਿੱਚ 26 ਮਿਲੀਮੀਟਰ ਮੀਂਹ ਦਰਜ ਕੀਤਾ ਗਿਆ ਹੈ। ਪੰਜਾਬ ਵਿੱਚ ਸਭ ਤੋਂ ਵੱਧ ਤਾਪਮਾਨ ਬਠਿੰਡਾ ਵਿੱਚ 36.8 ਡਿਗਰੀ ਦਰਜ ਕੀਤਾ ਗਿਆ।



# ਡਾ. ਰਾਘਵ ਗੁਪਤਾ ਜ਼ਿਲ੍ਹਾ ਟੀ ਬੀ ਅਫ਼ਸਰ ਨਿਯੁਕਤ



**ਚੌਕ ਮਹਿਤਾ, 20 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)-**ਡਾ: ਰਾਘਵ ਗੁਪਤਾ ਨੇ ਜ਼ਿਲ੍ਹਾ ਟੀ.ਬੀ. ਅਫਸਰ, ਅੰਮ੍ਰਿਤਸਰ ਵਜੋਂ ਅਹੁਦਾ ਸੰਭਾਲ ਲਿਆ ਹੈ। ਇਸ ਮੌਕੇ ਇੰਪਲਾਈਜ ਵੈਲਫੇਅਰ ਐਸੋਸੀਏਸ਼ਨ ਪੰਜਾਬ ਦੇ ਚੇਅਰਮੈਨ ਪੰਡਿਤ ਰਾਕੇਸ਼ ਸ਼ਰਮਾ, ਸਟੇਟ ਪ੍ਰਧਾਨ ਅਚਾਰੀਆ ਗੁਰੂ ਮੀਤ ਰਾਜਪੁਰੋਹਿਤ, ਜਨਰਲ ਸਕਤਰ ਸੰਜੀਵ ਆਨੰਦ, ਸੀਨੀਅਰ ਫਾਰਮੇਸੀ ਅਫ਼ਸਰ ਜ਼ਿਲ੍ਹਾ ਪ੍ਰਧਾਨ ਰਘੂ ਤਲਵਾੜ, ਡਾ: ਸੁਨੀਤ ਗੁਰਮ ਗੁਪਤਾ, ਡਾ: ਪਰਤੋਸ਼ ਧਵਨ, ਡਾ. ਰਾਘਵ ਜੋਸ਼ੀ, ਡਾ. ਗੁਰਿੰਦਰਬੀਰ ਮੁਸਤਫਾ ਅਤੇ ਸੇਵਾਮੁਕਤ ਸੀਨੀਅਰ ਮੈਡੀਕਲ ਅਫ਼ਸਰ ਡਾ. ਮਦਨ ਮੋਹਨ ਹਾਜ਼ਰ ਸਨ।

# ਮਹਿਤਾ ਚੌਕ ਵਿਖੇ ਸਦਾਰੰਗੀਆ ਦੀ ਸੈਟਰੀ ਦੀ ਦੁਕਾਨ ਤੇ ਚੋਰੀ-ਦੋ ਲੱਖ ਤੋਂ ਵਧੇਰੇ ਹੋਇਆ ਨੁਕਸਾਨ



**ਚੌਕ ਮਹਿਤਾ, 20 ਅਗਸਤ (ਸਤਨਾਮ ਜੱਜ)-**ਬੀਤੇ ਕੱਲ ਰਾਤ ਮਹਿਤਾ ਚੌਕ ਵਿਖੇ ਅੰਮ੍ਰਿਤਸਰ ਰੋਡ ਤੇ ਮਸਹੂਰ ਸਦਰੰਗੀਆ ਦੀ ਸੈਟਰੀ ਦੀ ਦੁਕਾਨ ਤੇ ਚੋਰਾ ਵੱਲੋਂ ਸਮਾਨ ਚੋਰੀ ਕੀਤੇ ਜਾਣ ਦਾ ਸਮਾਚਾਰ ਹੈ। ਪੀੜਤ ਦੁਕਾਨਦਾਰ ਠੇਕੇਦਾਰ ਸੁਰਿੰਦਰ ਸਿੰਘ ਸਦਾਰੰਗੀਆ ਨੇ ਜਾਣਕਾਰੀ ਦੇਂਦੇ ਹੋਏ ਦੱਸਿਆ ਕੇ ਅੱਜ ਸਵੇਰੇ 9 ਵਜੇ ਉਹਨਾਂ ਦੇ ਲੜਕੇ ਨੇ ਦੁਕਾਨ ਦਾ ਸਟਰ ਚੁੱਕਿਆ ਤਾਂ ਸਾਹਮਣੇ ਖਿਲਰਿਆ ਸਮਾਨ ਵੇਖ ਕੇ ਹੋਸ ਉਡ ਗਏ ਠੇਕੇਦਾਰ ਸੁਰਿੰਦਰ ਸਿੰਘ ਨੇ ਦੱਸਿਆ ਕੇ ਚੋਰਾ ਵੱਲੋਂ ਬਾਹਰ ਦੀਵਾਰ ਲੱਗੇ ਸਬਰਸੀਬਲ ਮੋਟਰ ਦੇ ਪਾਇਪ ਦੇ ਸਹਾਰੇ ਦੂਸਰੀ ਮੰਜਿਲ ਬਾਹਰ ਵਾਧੇ ਤੇ ਲੱਗੇ ਲੱਕੜ ਦਾ ਦਰਵਾਜ਼ਾ ਤੋੜ ਕੇ ਅੰਦਰ ਦਾਖਲ ਹੋ ਗਏ ,ਚੋਰੀ ਨੂੰ ਅੰਜਾਮ ਦੇਂਦੇ ਹੋਏ ਕੀਮਤੀ ਪਿੱਤਲ,ਬ੍ਰਾਸ ਅਤੇ ਸਟੀਲ ਦੀ ਮਹਿਗੀਆ ਟੂਟੀਆ ਅਤੇ ਹੋਰ ਵੀ ਕੀਮਤੀ ਸੈਟਰੀ ਦੇ ਪਿੱਤਲ ਦੇ ਬਣੇ ਸਮਾਨ ਚੋਰੀ ਕਰ ਲਏ ਹਨ ਜਿਸਦਾ ਅਦਾਜਨ ਦੋ ਤੋਂ ਢਾਈ ਲੱਖ ਦਾ ਨੁਕਸਾਨ ਹੋ ਗਿਆ ਹੈ। ਜਿਸ ਸਬੰਧੀ ਥਾਣਾ ਮਹਿਤਾ ਦੀ ਪੁਲੀਸ ਨੂੰ ਸੂਚਿਤ ਕਰ ਦਿੱਤਾ ਗਿਆ ਹੈ। ਤਪਤੀਸੀ ਏ.ਐਸ.ਆਈ ਪਲਵਿੰਦਰ ਸਿੰਘ ਨੇ ਕਿਹਾ ਕਿ ਕੇ ਮੋਕਾ ਵੇਖ ਲਿਆ ਹੈ ਤੇ ਨੇੜਲੇ ਦੁਕਾਨਾ ਤੇ ਲੱਗੇ ਕੈਮਰਿਆ ਦੀ ਫੁਟੇਜ਼ ਵੇਖਣ ਉਪਰੰਤ ਪਤਾ ਲੱਗ ਸਕੇਗਾ ਜੋ ਵੀ ਦੋਸੀ ਪਾਇਆ ਗਿਆ ਸਖਤ ਕਾਰਵਾਈ ਕੀਤੀ ਜਾਵੇਗੀ।

# ਨਿਰਮਲਜੀਤ ਸਿੰਘ ਬਣੇ ਨੰਬਰਦਾਰ ਚੇਅਰਮੈਨ ਘੁੱਲੀ ਨੇ ਕੀਤਾ ਸਨਮਾਨ



ਧੂਰੀ ( ਰਣਜੀਤ ਸਿੰਘ ਪੇਧਨੀ ) ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸ ਨਿਰਮਲਜੀਤ ਸਿੰਘ ਰਾਜੋਮਾਜਰਾ ਪਿੰਡ ਦੇ ਨੰਬਰਦਾਰ ਬਣੇ ਹਨ। ਉਹਨਾਂ ਨੂੰ ਨਵੇਂ ਨੰਬਰਦਾਰ ਬਣਨ ਤੇ ਮਾਰਕੀਟ ਕਮੇਟੀ ਦੇ ਚੇਅਰਮੈਨ ਸ, ਰਾਜਵੰਤ ਸਿੰਘ ਘੁੱਲੀ ਵੱਲੋਂ ਵਿਸ਼ੇਸ ਸਨਮਾਨ ਕੀਤਾ ਗਿਆ । ਇਸ ਮੌਕੇ ਨੰਬਰਦਾਰ ਨਿਰਮਲਜੀਤ ਸਿੰਘ ਰਾਜੋਮਾਜਰਾ ਨੇ ਕਿਹਾ ਕਿ ਪਾਰਟੀ ਵੱਲੋਂ ਮਿਲੇ ਮਾਨ ਸਨਮਾਨ ਦਾ ਉਹ ਸਦਾ ਹੀ ਕਰਜਦਾਰ ਰਹਿਣਗੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਵੱਲੋਂ ਲੋਕਾਂ ਦੀ ਸੇਵਾ ਦੇ ਲਈ ਦਿਨ ਰਾਤ ਹਾਜ਼ਰ ਰਹਿੰਦੇ ਹਨ, ਉਸੇ ਤਰ੍ਹਾਂ ਅਸੀਂ ਵੀ ਪਿੰਡ ਪੱਧਰ ਤੇ ਜੋ ਵੀ ਕੰਮ ਹੋਇਆ ਕਰਨਗੇ, ਉਹਨਾਂ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਾਗੇ ,ਆਮ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਰਹਾਂਗੇ ਅਤੇ ਪਾਰਟੀ ਦੇ ਲਈ ਦਿਨ ਰਾਤ ਕੰਮ ਕਰਦੇ ਰਹਾਂਗੇ।